ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7l

awazeqaumtvpunjab@gmail.com

ਸ਼ੁੱਕਰਵਾਰ, 28 ਨਵੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੧੩ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ‘ਆਪ’ ਆਗੂ ਦੇ ਘਰ ’ਤੇ ਅੰਨ੍ਹੇਵਾਹ ਫਾਇਰਿੰਗ, 16 ਤੋਂ ਵੱਧ ਚੱਲੀਆਂ ਗੋਲੀਆਂ



**ਫਗਵਾੜਾ, 27 ਨਵੰਬਰ (ਆਵਾਜ਼ਿ ਕੌਮ ਬਿਊਰੋ)-** ਫਗਵਾੜਾ ਵਿਚ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਦਲਜੀਤ ਰਾਜੂ ਦੇ ਘਰ ’ਤੇ ਬੀਤੀ ਦੇਰ ਰਾਤ ਅੰਨ੍ਹੇਵਾਹ ਗੋਲੀਆਂ ਚਲਾ ਦਿੱਤੀਆਂ। ਇਹ ਵਾਰਦਾਤ ਬੁੱਧਵਾਰ ਤੇ ਵੀਰਵਾਰ ਦੀ ਦਰਮਿਆਨੀ ਰਾਤ ਡੇਢ ਵਜੇ ਦੇ ਕਰੀਬ ਦੀ ਹੈ। ਦੋ ਮੁਲਜ਼ਮ ਇਕ ਮੋਟਰਸਾਈਕਲ ’ਤੇ ਸਵਾਰ ਹੋ ਕੇ ਆਏ ਅਤੇ ‘ਯੁੱਧ ਨਸ਼ਿਆਂ ਵਿਰੁੱਧ’ ਫਗਵਾੜਾ ਦੇ ਕੋਆਰਡੀਨੇਟਰ ਦਲਜੀਤ ਰਾਜੂ ਵਾਸੀ ਪਿੰਡ ਦਰਵੇਸ਼, ਫਗਵਾੜਾ ਦੇ ਘਰ ’ਤੇ ਅੰਨ੍ਹੇਵਾਹ ਗੋਲੀਆਂ ਚਲਾਈਆਂ। ਮੁਲਜ਼ਮਾਂ ਨੇ ਆਪ ਆਗੂ ਦੇ ਘਰ ’ਤੇ ਲਗਭਗ 16 ਤੋਂ ਵੱਧ ਰਾਊਂਡ ਫਾਇਰ ਕੀਤੇ। ਘਰ ਦੇ ਬਾਹਰੋਂ 16 ਖੋਲ੍ਹ ਹੁਣ ਤੱਕ ਪੁਲਸ ਨੇ ਬਰਾਮਦ ਕੀਤੇ ਹਨ, ਜਦਕਿ ਦੋ ਜਿੰਦਾ ਕਾਰਤੂਸ ਵੀ ਮੌਕੇ ’ਤੇ ਬਰਾਮਦ ਹੋਏ ਹਨ। ਸੂਤਰਾਂ ਮੁਤਾਬਕ ਮਾਮਲਾ ਫਿਰੌਤੀ ਨਾਲ ਜੁੜਿਆ ਦੱਸਿਆ ਜਾ ਰਿਹਾ ਹੈ। ਚੰਗੀ ਗੱਲ ਇਹ ਰਹੀ ਕਿ ਇਸ ਗੋਲੀਬਾਰੀ ਵਿਚ ਕਿਸੇ ਤਰ੍ਹਾਂ ਦੇ ਜਾਨੀ ਨੁਕਸਾਨ ਤੋਂ ਬਚਾਅ ਰਿਹਾ ਹੈ। ਫਿਲਹਾਲ ਪੁਲਸ ਵੱਲੋਂ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ।

# ਦੇਸ਼ ’ਚ ਸਭ ਤੋਂ ਵੱਧ ਪ੍ਰਤੀ ਵਿਅਕਤੀ ਕਰਜ਼ ਵਾਲਾ ਸੂਬਾ ਬਣਿਆ ‘ਪੰਜਾਬ’

**ਨਵੀਂ ਦਿੱਲੀ, 27 ਨਵੰਬਰ (ਆਵਾਜ਼ਿ ਕੌਮ ਬਿਊਰੋ)-** ਪੰਜਾਬ ’ਚ ਹੁਣ ਦੇਸ਼ ਦਾ ਸਭ ਤੋਂ ਵੱਧ ਪ੍ਰਤੀ ਵਿਅਕਤੀ ਕਰਜ ਵਾਲਾ ਸੂਬਾ ਬਣ ਗਿਆ ਹੈ। ਇਹ ਖੁਲਾਸਾ ਪੀਆਰਐਸ ਲੈਜਿਸਟੇਟਿਵ ਖੋਜ ਸੰਸਥਾ ਦੇ ਤਾਜ਼ਾ ਅੰਕੜਿਆਂ ਨੇ ਦੱਸਿਆ ਹੈ। ਇਸ ਖੋਜ ਦੇ ਮੁਤਾਬਿਕ ਪੰਜਾਬ ’ਚ ਪ੍ਰਤੀ ਵਿਅਕਤੀ ’ਤੇ ਔਸਤਨ 1,23,274 ਰੁਪਏ ਦਾ ਕਰਜ ਹੈ। ਜਦਕਿ ਦੂਜੇ ਸਥਾਨ ’ਤੇ ਕੇਰਲ ਹੈ ਜਿਸਦਾ ਪ੍ਰਤੀ ਵਿਅਕਤੀ ਕਰਜ 1,20,444 ਰੁਪਏ ਹੈ। ਜਾਰੀ ਕੀਤੇ ਗਏ ਅੰਕੜਿਆਂ ਮੁਤਾਬਿਕ ਤੀਜੇ ਸਥਾਨ ’ਤੇ ਮਹਾਰਾਸ਼ਟਰ ਹੈ ਜਿੱਥੇ ਪ੍ਰਤੀ ਵਿਅਕਤੀ ਕਰਜ 65,568 ਰੁਪਏ ਦਰਜ ਕੀਤਾ ਗਿਆ ਹੈ। ਜਦਕਿ ਚੌਥੇ ਸਥਾਨ ’ਤੇ ਗੁਜਰਾਤ ਹੈ ਜਿਸਦਾ ਪ੍ਰਤੀ ਵਿਅਕਤੀ ਕਰਜ 54,655 ਰੁਪਏ ਹੈ ਜਦਕਿ ਬਿਹਾਰ 21,220 ਰੁਪਏ ਪ੍ਰਤੀ ਵਿਅਕਤੀ ਕਰਜ ਦੇ ਨਾਲ 5ਵੇਂ ਸਥਾਨ ’ਤੇ ਹੈ। ਦੱਸ ਦਈਏ ਕਿ ਇੰਨ੍ਹਾਂ ਅੰਕੜਿਆਂ ਦੇ ਨਾਲ ਸੂਬਿਆਂ ਦੀ ਆਰਥਿਕ ਸਿਹਤ ’ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਖਾਸ ਤੌਰ ’ਤੇ ਉਨ੍ਹਾਂ ਸੂਬਿਆਂ ਦੇ ਲਈ ਜਿੱਥੇ ਕਰਜਾ ਲਗਾਤਾਰ ਵਧ ਰਿਹਾ ਹੈ ਅਤੇ ਖਜ਼ਾਨੇ ’ਚ ਵਾਧਾ ਨਹੀਂ ਹੋ ਰਿਹਾ ਹੈ। ਕਰਜ ’ਚ ਪਹਿਲੇ ਨੰਬਰ ’ਤੇ ਆਏ ਪੰਜਾਬ ਲੰਬੇ ਸਮੇਂ ਤੋਂ ਖੇਤੀ ਸੰਕਟ, ਸੀਮਿਤ ਵਪਾਰ ਵਿਸਤਾਰ ਤੇ ਸਬਸਿਡੀ ਦੇ ਭਾਰੀ ਭਾਰ ਨਾਲ ਜੁਝ ਰਿਹਾ ਹੈ। ਇਸ ਪੱਧਰ ਦਾ ਕਰਜ਼ ਭਵਿੱਖ ਦੀ ਵਿਕਾਸ ਯੋਜਨਾਵਾਂ, ਬੁਨਿਆਦੀ ਢਾਂਚੇ ਦੀ ਉਸਾਰੀ ਤੇ ਰੁਜ਼ਗਾਰ ਦੇ ਸਾਧਨਾਂ ਨੂੰ ਪ੍ਰਭਾਵਿਤ ਕਰ ਸਕਦਾ ਹੈ। ਰਿਪੋਰਟ ਮੁਤਾਬਿਕ ਵਿੱਤੀ ਸਾਲ 2022-23 ’ਚ ਸੂਬਿਆਂ ’ਤੇ ਕੁੱਲ 59.60 ਲੱਖ ਕਰੋੜ ਰੁਪਏ ਕਰਜ਼ ਸੀ। ਇਹ ਸਾਰੇ ਸੂਬਿਆਂ ਦੇ ਸੰਯੁਕਤ ਕੁੱਲ ਰਾਜ ਘਰੇਲੂ ਉਤਪਾਦ ਦਾ 22.96 ਫੀਸਦ ਹੈ। ਰਿਪੋਰਟ ’ਚ ਕਿਹਾ ਗਿਆ ਹੈ ਕਿ 2013-14 ’ਚ ਸੂਬਿਆਂ ਦਾ ਕੁੱਲ ਜਨਤਕ ਕਰਜ਼ 17.57 ਲੱਖ ਕਰੋੜ ਰੁਪਏ ਸੀ, ਜੋ ਸੰਯੁਕਤ ਕੁੱਲ ਰਾਜ ਘਰੇਲੂ ਉਤਪਾਦ ਦਾ ਸਿਰਫ 16.66 ਫੀਸਦ ਸੀ। ਵਿੱਤੀ ਸਾਲ 2022-23 ’ਚ ਇਹੀ ਕਰਜ 3.39 ਗੁਣਾ ਵਧਕੇ ਜੀਐਸਡੀਪੀ ਦਾ 22.96 ਫੀਸਦ ਹੋ ਗਿਆ ਹੈ। ਪੰਜਾਬ ਨੇ ਸਭ ਤੋਂ ਜਿਆਦਾ ਕਰਜ਼ ਲੈ ਰੱਖਿਆ ਹੈ। ਪੰਜਾਬ ’ਤੇ ਜੀਐਸਡੀਪੀ ਦਾ 40.35 ਫੀਸਦ ਕਰਜ਼ ਹੈ। ਇਸ ਤੋਂ ਬਾਅਦ ਨਾਗਾਲੈਂਡ 37.15 ਫੀਸਦ, ਪੱਛਮ ਬੰਗਾਲ 33.70 ਫੀਸਦ ਹੈ। ਜਦਕਿ ਜੀਐਸਡੀਪੀ ਦੇ ਮੁਕਾਬਲੇ ਕਰਜ਼ ਦਾ ਸਭ ਤੋਂ ਘੱਟ ਔਸਤਨ ਓਡੀਸ਼ਾ 8.45 ਫੀਸਦ, ਮਹਾਰਾਸ਼ਟਰ 14.64 ਫੀਸਦ ਅਤੇ ਗੁਜਰਾਤ 16.37 ਫੀਸਦ ’ਚ ਦਰਜ ਕੀਤਾ ਗਿਆ ਹੈ।




## ਅੰਮ੍ਰਿਤਪਾਲ ਸਿੰਘ ਦੀ ਪੈਰੋਲ ਅਰਜ਼ੀ ਰੱਦ, ਸੰਸਦ ਇਜਲਾਸ ’ਚ ਸ਼ਾਮਲ ਹੋਣ ਦੀ ਨਹੀਂ ਮਿਲੀ ਇਜਾਜ਼ਤ

**ਚੰਡੀਗੜ੍ਹ, 27 ਨਵੰਬਰ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਸਰਕਾਰ ਨੇ ਖਡੂਰ ਸਾਹਿਬ ਤੋਂ ਇੱਕ ਆਜ਼ਾਦ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਅਸਥਾਈ ਪੈਰੋਲ ਦੇਣ ਤੋਂ ਇਨਕਾਰ ਕਰ ਦਿੱਤਾ ਹੈ, ਜੋ ਕਿ ਐਨਐਸਏ ਅਧੀਨ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹੈ। ਅੰਮ੍ਰਿਤਪਾਲ ਨੇ 21 ਨਵੰਬਰ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਇੱਕ ਪਟੀਸ਼ਨ ਦਾਇਰ ਕੀਤੀ ਸੀ, ਜਿਸ ਵਿੱਚ 1 ਤੋਂ 19 ਦਸੰਬਰ ਤੱਕ ਚੱਲਣ ਵਾਲੇ ਸੰਸਦ ਦੇ ਸਰਦ ਰੁੱਤ ਸੈਸ਼ਨ ਵਿੱਚ ਸ਼ਾਮਲ ਹੋਣ ਦੀ ਇਜਾਜ਼ਤ ਮੰਗੀ ਗਈ ਸੀ। ਇਸ ਪਟੀਸ਼ਨ ’ਤੇ ਸੁਣਵਾਈ ਦੌਰਾਨ, ਅਦਾਲਤ ਨੇ ਰਾਜ ਦੇ ਗ੍ਰਹਿ ਸਕੱਤਰ ਅਤੇ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਨੂੰ ਇੱਕ ਹਫ਼ਤੇ ਦੇ ਅੰਦਰ ਫੈਸਲਾ ਲੈਣ ਦੇ ਨਿਰਦੇਸ਼ ਦਿੱਤੇ। ਇਸ ਤੋਂ ਬਾਅਦ, ਅੰਮ੍ਰਿਤਸਰ ਦੇ ਡੀਸੀ ਅਤੇ ਜ਼ਿਲ੍ਹਾ ਪੁਲਿਸ ਦੀ ਰਿਪੋਰਟ ਦੇ ਆਧਾਰ ’ਤੇ, ਪੰਜਾਬ ਸਰਕਾਰ ਨੇ ਪੈਰੋਲ ਤੋਂ ਇਨਕਾਰ ਕਰ ਦਿੱਤਾ। ਸੂਤਰਾਂ ਅਨੁਸਾਰ, ਸਰਕਾਰ ਦਾ ਮੰਨਣਾ ਹੈ ਕਿ ਜੇਕਰ ਅੰਮ੍ਰਿਤਪਾਲ ਨੂੰ ਅਸਥਾਈ ਤੌਰ ’ਤੇ ਜੇਲ੍ਹ ਤੋਂ ਰਿਹਾਅ ਕੀਤਾ ਜਾਂਦਾ ਹੈ, ਤਾਂ ਰਾਜ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਵਿਗੜ ਸਕਦੀ ਹੈ। ਇਸ ਡਰ ਕਾਰਨ, ਉਸਦੀ ਪੈਰੋਲ ਪਟੀਸ਼ਨ ਰੱਦ ਕਰ ਦਿੱਤੀ ਗਈ ਹੈ। ਅੰਮ੍ਰਿਤਪਾਲ ਸਿੰਘ ਇਸ ਸਮੇਂ ਐਨਐਸਏ ਅਧੀਨ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹੈ।



ਇਸ ਦੌਰਾਨ ਪੰਥਕ ਆਗੂਆਂ ਨੇ ਰੋਸ ਦਾ ਪ੍ਰਗਟਾਂਵਾ ਕਰਦਿਆਂ ਪੰਜਾਬ ਸਰਕਾਰ ਨੂੰ ਫਟਕਾਰ ਲਗਾਉਂਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਸਿੱਖ ਹਿਤੈਸ਼ੀ ਚਿਹਰਾ ਬੇਨਕਾਬ ਹੋ ਗਿਆ ਹੈ। ਜੇਕਰ ਉਹ ਸੱਚਮੁੱਚ ਸਿੱਖ ਹਿਤੈਸ਼ੀ ਹੁੰਦੇ ਤਾਂ ਭਾਈ ਅੰਮ੍ਰਿਤਪਾਲ ਸਿੰਘ ਦੀ ਪੈਰੋਲ ਨੂੰ ਹਰੀ ਝੰਡੀ ਦਿਖਾਉਂਦੇ।

## ‘ਆਪ’ ਵਿਧਾਇਕ ਚਰਨਜੀਤ ਸਿੰਘ ਦੀ ਗੱਡੀ ਨਾਲ ਵਾਪਰਿਆ ਹਾਦਸਾ, ਇੱਕ ਮਹਿਲਾ ਜ਼ਖਮੀ, ਮੌਕੇ ’ਤੇ ਲੜਕੀ ਦਾ ਫੁੱਟਿਆ ਗੁੱਸਾ


**ਚਮਕੌਰ ਸਾਹਿਬ, 27 ਨਵੰਬਰ (ਆਵਾਜ਼ਿ ਕੌਮ ਬਿਊਰੋ)-** ਚਮਕੌਰ ਸਾਹਿਬ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਡਾ. ਚਰਨਜੀਤ ਸਿੰਘ ਦੀ ਗੱਡੀ ਹਾਦਸੇ ਦਾ ਸ਼ਿਕਾਰ ਹੋ ਗਈ ਹੈ। ਇਸ ਹਾਦਸੇ ਵਿੱਚ ਇੱਕ ਔਰਤ ਜ਼ਖਮੀ ਹੋ ਗਈ ਹੈ ਅਤੇ ਉਸਨੂੰ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ। ਇਹ ਹਾਦਸਾ ਚਮਕੌਰ ਸਾਹਿਬ ਪੁਲ ਦੇ ਨੇੜੇ ਵਾਪਰਿਆ ਹੈ। ਹਾਦਸੇ ਸਮੇਂ ਵਿਧਾਇਕ ਡਾ. ਚਰਨਜੀਤ ਸਿੰਘ ਆਪਣੀ ਕਾਰ ਵਿੱਚ ਸਨ, ਜਿਸਨੂੰ ਉਨ੍ਹਾਂ ਦਾ ਡਰਾਈਵਰ ਚਲਾ ਰਿਹਾ ਸੀ। ਦਰਅਸਲ ’ਚ ਵਿਧਾਇਕ ਦੀ ਗੱਡੀ ਦੀ ਇੱਕ ਆਈ20 ਗੱਡੀ ਸਿੱਧੀ ਟੱਕਰ ਹੋ ਗਈ ਹੈ। ਟੱਕਰ ਵਿੱਚ ਦੂਜੀ ਕਾਰ ਵਿੱਚ ਸਵਾਰ ਇੱਕ ਔਰਤ ਜ਼ਖਮੀ ਹੋ ਗਈ ਅਤੇ ਉਸਨੂੰ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ। ਜ਼ਖਮੀ ਔਰਤ ਦੇ ਪਰਿਵਾਰ ਨੇ ਆਰੋਪ ਲਗਾਇਆ ਹੈ ਕਿ ਵਿਧਾਇਕ ਦੀ ਕਾਰ ਤੇਜ਼ ਰਫ਼ਤਾਰ ਨਾਲ ਚੱਲ ਰਹੀ ਸੀ, ਜਿਸ ਕਾਰਨ ਇਹ ਹਾਦਸਾ ਵਾਪਰੀ ਹੈ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਿਸ ਮੌਕੇ ’ਤੇ ਪਹੁੰਚੀ। ਪੁਲਿਸ ਨੇ ਮਾਮਲਾ ਦਰਜ ਕਰਕੇ ਹਾਦਸੇ ਦੇ ਕਾਰਨਾਂ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਹਾਦਸੇ ਤੋਂ ਬਾਅਦ ਜ਼ਖਮੀ ਔਰਤ ਦੇ ਪਰਿਵਾਰ ਦੀ ਵਿਧਾਇਕ ਅਤੇ ਉਨ੍ਹਾਂ ਦੇ ਨਾਲ ਮੌਜੂਦ ਲੋਕਾਂ ਨਾਲ ਬਹਿਸ ਹੋ ਗਈ। ਪਰਿਵਾਰ ਨੇ ਆਰੋਪ ਲਗਾਇਆ ਕਿ ਵਿਧਾਇਕ ਦੀ ਕਾਰ ਤੇਜ਼ ਸੀ, ਜਿਸ ਕਾਰਨ ਹਾਦਸਾ ਵਾਪਰਿਆ ਹੈ। ਕੁਝ ਸਮੇਂ ਬਾਅਦ ਡਾ. ਚਰਨਜੀਤ ਸਿੰਘ ਮੌਕੇ ਤੋਂ ਚਲੇ ਗਏ। ਜ਼ਖਮੀ ਔਰਤ ਦੇ ਪਰਿਵਾਰ ਦੀ ਲੜਕੀ ਦਾ ਕਹਿਣਾ ਸੀ ਕਿ ਇਹ ਰਨਿੰਗ ਰੋਡ ਹੈ, ਠੀਕ ਹੈ? ਇੱਥੇ ਐਨੀ ਟਰੈਫਿਕ ਹੁੰਦੀ ਹੈ। ਉਹ ਇੰਨੀ ਰੈਸ ਡਰਾਈਵਿੰਗ ਕਿਵੇਂ ਕਰ ਸਕਦੇ ਹੈ? ਬੋਲ ਰਹੇ ਨੇ ਕੋਈ MLA ਹੈ। ਗੱਡੀ ’ਚ ਮੇਰੀ ਮੰਮੀ ਸੀ, ਜੇ ਉਸ ਨੂੰ ਕੁੱਝ ਹੋ ਜਾਂਦਾ। ਅਸੀਂ ਦੂਜੀ ਗੱਡੀ ਵਿੱਚ ਆਏ ਸੀ। ਸਾਡਾ ਘਰ ਮਨੀਮਾਜਰਾ ਵਿੱਚ ਹੈ। ਲੜਕੀ ਨੇ ਕਿਹਾ ਕਿ ਇਨ੍ਹਾਂ ਦਾ ਚਿਹਰਾ ਦੇਖੋ, ਕੋਈ ਫ਼ਰਕ ਨਹੀਂ ਪੈ ਰਿਹਾ, ਕਹਿੰਦਾ ਹਸਪਤਾਲ ਲੈ ਜਾਓ। ਘਟਨਾ ਦੀ ਜਾਣਕਾਰੀ ਮਿਲਣ ’ਤੇ ਪੁਲਿਸ ਮੌਕੇ ’ਤੇ ਪਹੁੰਚੀ। ਉਨ੍ਹਾਂ ਨੇ ਮਾਮਲਾ ਦਰਜ ਕਰ ਲਿਆ ਹੈ ਅਤੇ ਹਾਦਸੇ ਦੇ ਕਾਰਨਾਂ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਦੱਸਿਆ ਜਾ ਰਿਹਾ ਹੈ ਕਿ ਹਾਦਸਾ ਨਹਿਰ ਦੇ ਪੁਲ ਦੇ ਨੇੜੇ ਚੌਰਾਹੇ ’ਤੇ ਹੋਇਆ ਹੈ। ਹਾਲਾਂਕਿ, ਪੁਲਿਸ ਇਸ ਮਾਮਲੇ ’ਤੇ ਬੋਲਣ ਤੋਂ ਗੁਰੇਜ਼ ਕਰ ਰਹੀ ਹੈ। ਇਸ ਤੋਂ ਪਹਿਲਾਂ ਖਰੜ ਧਰਨੇ ’ਚ ਪਹੁੰਚੇ ਆਮ ਆਦਮੀ ਪਾਰਟੀ ਦੇ ਵਿਧਾਇਕ ਡਾ. ਚਰਨਜੀਤ ਸਿੰਘ ਵੱਲੋਂ ਵਿਵਾਦਿਤ ਬਿਆਨ ਦਿੱਤਾ ਗਿਆ ਸੀ। ‘ਆਪ’ ਵਿਧਾਇਕ ਡਾ. ਚਰਨਜੀਤ ਸਿੰਘ ਨੇ ਕਿਹਾ ਸੀ, “ਮੈਂ ਪੜ੍ਹਿਆ-ਲਿਖਿਆ ਡਾਕਟਰ ਹਾਂ, ਮੈਨੂੰ ਕੋਈ 10ਵੀਂ ਪਾਸ ਸਵਾਲ ਕਰੇ ਇਹ ਮੈਨੂੰ ਪਸੰਦ ਨਹੀਂ। ਇਸ ਤੋਂ ਬਾਅਦ ਲੋਕਾਂ ਨੇ ਉਨ੍ਹਾਂ ਦਾ ਵਿਰੋਧ ਕਰਨਾ ਸ਼ੁਰੂ ਕਰ ਦਿੱਤਾ।



## ‘ਪੰਜਾਬ ਯੂਨੀਵਰਸਿਟੀ ਬਚਾਓ’ ਮੋਰਚੇ ਦੀ ਵੱਡੀ ਜਿੱਤ

### ਪੰਜਾਬ ਯੂਨੀਵਰਸਿਟੀ ਸੈਨੇਟ ਚੋਣਾਂ ਕਰਵਾਉਣ ਲਈ ਮਿਲੀ ਮਨਜ਼ੂਰੀ

**ਚੰਡੀਗੜ੍ਹ, 27 ਨਵੰਬਰ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਯੂਨੀਵਰਸਿਟੀ ਬਚਾਓ ਮੋਰਚਾ ਵੱਲੋਂ ਲੰਬੇ ਸਮੇਂ ਤੋਂ ਚੱਲ ਰਹੀ ਸੰਘਰਸ਼ਮਈ ਮੁਹਿੰਮ ਨੂੰ ਅੱਜ ਮਹੱਤਵਪੂਰਨ ਕਾਮਯਾਬੀ ਮਿਲੀ ਹੈ। ਯੂਨੀਵਰਸਿਟੀ ਪ੍ਰਸ਼ਾਸਨ ਨੇ ਆਖਿਰਕਾਰ ਪੰਜਾਬ ਯੂਨੀਵਰਸਿਟੀ ਸੈਨੇਟ ਚੋਣਾਂ ਕਰਵਾਉਣ ਲਈ ਹਰੀ ਝੰਡੀ ਦੇ ਦਿੱਤੀ ਹੈ, ਜਿਸ ਨਾਲ ਵਿਦਿਆਰਥੀਆਂ, ਪੁਰਾਣੇ ਵਿਦਿਆਰਥੀਆਂ ਅਤੇ ਸਿੱਖਿਆ ਪ੍ਰੇਮੀਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਮੋਰਚੇ ਵੱਲੋਂ ਕਿਹਾ ਗਿਆ ਕਿ ਇਹ ਫ਼ੈਸਲਾ ਯੂਨੀਵਰਸਿਟੀ ਦੀ ਲੋਕਤੰਤਰਕ ਸੰਰਚਨਾ ਅਤੇ ਖੁਦਮੁਖਤਿਆਰੀ ਦੀ ਜਿੱਤ ਹੈ। ਕਈ ਮਹੀਨਿਆਂ ਤੋਂ ਚੱਲ ਰਹੇ ਧਰਨਿਆਂ, ਮੀਟਿੰਗਾਂ ਅਤੇ ਵਾਰਤਾਂ ਤੋਂ ਬਾਅਦ ਪ੍ਰਸ਼ਾਸਨ ਨੇ ਚੋਣਾਂ ਲਈ ਸਹਿਮਤੀ ਦਿੱਤੀ ਹੈ, ਜਿਸ ਨੂੰ ਵਿਦਿਆਰਥੀ ਜਥੇਬੰਦੀਆਂ ਨੇ ਇਤਿਹਾਸਕ ਕਦਮ ਕਰਾਰ ਦਿੱਤਾ ਹੈ। ਮੋਰਚੇ ਦੇ ਆਗੂਆਂ ਨੇ ਕਿਹਾ ਕਿ ਸੈਨੇਟ ਚੋਣਾਂ ਯੂਨੀਵਰਸਿਟੀ ਦੇ ਪ੍ਰਬੰਧਕੀ ਢਾਂਚੇ ਵਿੱਚ ਪਾਰਦਰਸ਼ਤਾ ਅਤੇ ਹਿੱਸੇਦਾਰੀ ਨੂੰ ਯਕੀਨੀ ਬਣਾਉਣ ਲਈ ਬਹੁਤ ਜ਼ਰੂਰੀ ਸਨ। ਹੁਣ ਉਮੀਦ ਹੈ ਕਿ ਤੁਰਤ ਹੀ ਚੋਣਾਂ ਦੀਆਂ ਤਾਰੀਖਾਂ ਅਤੇ ਪ੍ਰਕਿਰਿਆ ਬਾਰੇ ਵਿਸਥਾਰਕ ਸੂਚਨਾ ਜਾਰੀ ਕੀਤੀ ਜਾਵੇਗੀ। ਯੂਨੀਵਰਸਿਟੀ ਸਮਾਜ ਵਿੱਚ ਇਸ ਫ਼ੈਸਲੇ ਨੂੰ ਇੱਕ ਬਹੁਤ ਹੀ ਵੱਡੀ ਜਿੱਤ ਅਤੇ ਸਿੱਖਿਆ ਦੇ ਮੁੱਦਿਆਂ ‘ਤੇ ਜਾਗਰੂਕਤਾ ਦੀ ਮਿਸਾਲ ਵਜੋਂ ਦੇਖਿਆ ਜਾ ਰਿਹਾ ਹੈ।



सरिता चौहान
SARITA CHAUHAN
अवर सचिव
UNDER SECRETARY

उपराष्ट्रपति सचिवालय
VICE-PRESIDENT SECRETARIAT
नई दिल्ली/NEW DELHI-110001
TEL.: 23094953, 23094954 FAX: 23094950

No. VPS/15/02/S3/2025

27th November, 2025

To

Prof. (Dr.) Renu Vig,
Vice-Chancellor,
Panjab University,
Chandigarh-160014.

Sub: Elections for the Senate of Panjab University, Chandigarh- reg.

Madam,

Please refer to Panjab University's letter No. DRs1/25/8392 dated 09.11.2025 forwarding the Schedule of dates for the Senate Elections of Panjab University.

2. In this regard I am directed to convey that Hon'ble Vice-President of India and Chancellor Panjab University has approved the schedule of Senate Elections as proposed in the aforementioned letter.

Yours faithfully,

(Sarita Chauhan)

Copy for information:

1. Shri Praveen P Nair, IAS, PS to Hon'ble Union Minister of Education
2. Shri V.P. Singh, IAS, Principal Secretary to Hon'ble Governor of Punjab and Administrator of U.T Chandigarh

## ਬਿਕਰਮ ਮਜੀਠੀਆ ਦੀਆਂ ਵਧੀਆਂ ਮੁਸ਼ਿਕਲਾਂ, ਲੱਗੀ ਇੱਕ ਹੋਰ ਧਾਰਾ

**ਚੰਡੀਗੜ੍ਹ, 27 ਨਵੰਬਰ (ਆਵਾਜ਼ਿ ਕੌਮ ਬਿਊਰੋ)-** ਵਿਜੀਲੈਂਸ ਵਿਭਾਗ ਨੇ ਪੰਜਾਬ ਦੇ ਸਾਬਕਾ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਬਿਕਰਮ ਸਿੰਘ ਮਜੀਠੀਆ ਦੇ ਮਾਮਲੇ ਵਿੱਚ ਨਵਾਂ ਐਕਸ਼ਨ ਲਿਆ ਹੈ, ਜੋ ਇਸ ਸਮੇਂ ਆਮਦਨ ਤੋਂ ਵੱਧ ਜਾਇਦਾਦ ਦੇ ਮਾਮਲੇ ਵਿੱਚ ਜੇਲ੍ਹ ਵਿੱਚ ਹਨ। ਹੁਣ ਉਨ੍ਹਾਂ ਦੇ ਮਾਮਲੇ ਵਿੱਚ ਧਾਰਾ 1202 ਜੋੜ ਦਿੱਤੀ ਗਈ ਹੈ। ਵਿਜੀਲੈਂਸ ਨੇ ਇਹ ਜਾਣਕਾਰੀ ਮੋਹਾਲੀ ਦੀ ਇੱਕ ਵਿਸ਼ੇਸ਼ ਅਦਾਲਤ ਵਿੱਚ ਦਾਇਰ ਕੀਤੀ। ਇਹ ਧਾਰਾ, ਜਿਸਨੂੰ ਅਪਰਾਧਿਕ ਸਾਜ਼ਿਸ਼ ਵੀ ਕਿਹਾ ਜਾਂਦਾ ਹੈ, ਪਹਿਲਾਂ ਹੀ ਨਾਮਜ਼ਦ ਕੀਤੀ ਜਾ ਚੁੱਕੀ ਹੈ। ਵਿਜੀਲੈਂਸ ਨੇ ਉਨ੍ਹਾਂ ਲਈ 29 ਨਵੰਬਰ ਤੱਕ ਗ੍ਰਿਫ਼ਤਾਰੀ ਵਾਰੰਟ ਪ੍ਰਾਪਤ ਕਰ ਲਿਆ ਹੈ। ਪੰਜਾਬ ਸਰਕਾਰ ਨੇ ਪਿਛਲੇ ਮਹੀਨੇ ਹੋਈ ਕੈਬਨਿਟ ਮੀਟਿੰਗ ਵਿੱਚ ਮਾਮਲੇ ਦੀ ਪੈਰਵੀ ਨੂੰ ਮਨਜ਼ੂਰੀ ਦੇ ਦਿੱਤੀ ਸੀ। ਹਾਲਾਂਕਿ, ਅਜੇ ਤੱਕ ਦੋਸ਼ ਤੈਅ ਨਹੀਂ ਕੀਤੇ ਗਏ ਹਨ। ਮੰਨਿਆ ਜਾ ਰਿਹਾ ਹੈ ਕਿ 10 ਦਸੰਬਰ ਨੂੰ ਹੋਣ ਵਾਲੀ ਸੁਣਵਾਈ ਵਿੱਚ ਦੋਸ਼ ਤੈਅ ਕੀਤੇ ਜਾ ਸਕਦੇ ਹਨ। ਇਸ ਸੁਣਵਾਈ ਦੌਰਾਨ, ਮਜੀਠੀਆ ਦੇ ਵਕੀਲ ਵਿਜੀਲੈਂਸ ਵੱਲੋਂ ਪੇਸ਼ ਕੀਤੇ ਗਏ ਚਲਾਨ ’ਤੇ ਬਹਿਸ ਕਰਨਗੇ। ਬਿਕਰਮ ਸਿੰਘ ਮਜੀਠੀਆ ਦੀ ਜ਼ਮਾਨਤ ਪਟੀਸ਼ਨ ’ਤੇ ਫੈਸਲਾ ਕਿਸੇ ਵੀ ਸਮੇਂ ਆ ਸਕਦਾ ਹੈ। ਅਦਾਲਤ ਨੇ ਮਾਮਲੇ ’ਤੇ ਆਪਣੀ ਸੁਣਵਾਈ ਪੂਰੀ ਕਰ ਲਈ ਹੈ। ਅਦਾਲਤ ਨੇ ਆਪਣਾ ਫੈਸਲਾ ਰਾਖਵਾਂ ਰੱਖ ਲਿਆ ਹੈ, ਜਿਸਦਾ ਐਲਾਨ ਕਿਸੇ ਵੀ ਸਮੇਂ ਕੀਤਾ ਜਾ ਸਕਦਾ ਹੈ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਦੋਵਾਂ ਧਿਰਾਂ ਦੇ ਵਕੀਲਾਂ ਵਿਚਕਾਰ ਜ਼ਮਾਨਤ ਪਟੀਸ਼ਨ ’ਤੇ ਲਗਭਗ 15 ਦਿਨਾਂ ਤੋਂ ਵਿਆਪਕ ਬਹਿਸ ਹੋ ਰਹੀ ਹੈ।



**ਐਸਵਾਈਐਲ ਮੁੱਦੇ ਤੋਂ ਕੇਂਦਰ ਸਰਕਾਰ ਨੇ ਵੱਟਿਆ ਟਾਲਾ, ਕੇਂਦਰ ਵੱਲੋਂ ਦੋਵੇਂ ਸਰਕਾਰਾਂ ਨੂੰ ਖੁਦ ਹਲ ਕੱਢਣ ਦੀ ਹਿਦਾਇਤ :** ਕੇਂਦਰ ਸਰਕਾਰ ਹੁਣ ਸਤਲੁਜ-ਯਮੁਨਾ ਲਿੰਕ ਨਹਿਰ ਵਿਵਾਦ ’ਤੇ ਵਿਚੋਲਗੀ ਤੋਂ ਖੁਦ ਨੂੰ ਪਿੱਛੇ ਕਰ ਲਿਆ ਹੈ। ਦੱਸ ਦਈਏ ਕਿ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਤੋਂ ਬਾਅਦ, ਕੇਂਦਰ ਸਰਕਾਰ ਨੇ ਪੰਜਾਬ ਅਤੇ ਹਰਿਆਣਾ ਵਿਚਕਾਰ ਪੰਜ ਦੌਰ ਦੀਆਂ ਦੁਵੱਲੀਆਂ ਮੀਟਿੰਗਾਂ ਕੀਤੀਆਂ, ਪਰ ਕਿਸੇ ਦਾ ਵੀ ਕੋਈ ਠੋਸ ਨਤੀਜਾ ਨਹੀਂ ਨਿਕਲਿਆ। ਦੱਸ ਦਈਏ ਕਿ ਕੇਂਦਰੀ ਜਲ ਸ਼ਕਤੀ ਮੰਤਰੀ ਸੀਆਰ ਪਾਟਿਲ ਨੇ ਹੁਣ ਪੰਜਾਬ ਅਤੇ ਹਰਿਆਣਾ ਦੇ ਮੁੱਖ ਮੰਤਰੀਆਂ ਨੂੰ ਪੱਤਰ ਲਿਖ ਕੇ ਸਤਲੁਜ-ਯਮੁਨਾ ਲਿੰਕ ਨਹਿਰ ਵਿਵਾਦ ਦਾ ਆਪਸੀ ਸਹਿਮਤੀ ਨਾਲ ਹੱਲ ਲੱਭਣ ਦੀ ਅਪੀਲ ਕੀਤੀ ਹੈ। ਪੱਤਰ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਲੋੜ ਪੈਣ ’ਤੇ ਕੇਂਦਰ ਸਰਕਾਰ ਦੋਵਾਂ ਰਾਜਾਂ ਨੂੰ ਜ਼ਰੂਰੀ ਸਹਾਇਤਾ ਪ੍ਰਦਾਨ ਕਰੇਗੀ।

ਸੱਦਾ ਪੱਤਰ

# 8ਵੀਂ ਬਰਸੀ ਦੀ ਮਿੱਠੀ ਯਾਦ ਮੌਕੇ

## ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦਾ ਭੋਗ 19 ਦਸੰਬਰ ਨੂੰ



ਸਵ. ਸ. ਪਿਆਰਾ ਸਿੰਘ ਜੀ ਪਹਿਲਵਾਨ

ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ

## 8ਵੀਂ ਬਰਸੀ ਤੇ ਮਿੱਠੀ ਯਾਦ ਮੌਕੇ

ਪਰਿਵਾਰ ਵਲੋਂ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਅਰੰਭ ਸ੍ਰੀ ਅਖੰਡਪਾਠ ਸਾਹਿਬ 19 ਦਸੰਬਰ 2025 ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਅਤੇ ਭੋਗ ਸ੍ਰੀ ਅਖੰਡਪਾਠ ਸਾਹਿਬ 21 ਦਸੰਬਰ 2025 ਦਿਨ ਐਤਵਾਰ ਸਵੇਰੇ 10 ਵਜੇ ਪਾਏ ਜਾਣਗੇ

**ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀ ਅਰਦਾਸ ਉਪਰੰਤ ਗੁਰਦੁਆਰਾ ਸਾਹਿਬ ਦਾ ਹਜ਼ੂਰੀ ਜਥਾ ਕੀਰਤਨ ਕਰੇਗਾ। ਸਿੱਖ ਪ੍ਰਚਾਰਕ ਬਾਬਾ ਬਘੇਲ ਸਿੰਘ ਜੀ ਗੁਰਬਾਣੀ ਕਥਾ ਦੁਆਰਾ ਨਿਹਾਲ ਕਰਨਗੇ। ਭਾਈ ਹਰਮੇਲ ਸਿੰਘ ਦਿਲਬਰ ਦਾ ਢਾਡੀ ਜੱਥਾ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ।**

ਗੁਰੂ ਪਿਆਰੀ ਸਾਧ ਸੰਗਤ ਜੀਓ,
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ।।

ਸਾਡੇ ਬਹੁਤ ਹੀ ਸਤਿਕਾਰਯੋਗ ਪਿਤਾ ਜੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਅਕਾਲ ਪੁਰਖ ਵਲੋਂ ਬਖਸੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ 16 ਦਸੰਬਰ 2017 ਸਾਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੀ **ਅੱਠਵੀਂ ਬਰਸੀ** 'ਤੇ ਪਰਿਵਾਰ ਵਲੋਂ ਮਿੱਠੀ ਯਾਦ ਵਿੱਚ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਕਰਵਾਏ ਜਾ ਰਹੇ ਹਨ ।

**ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਪਹੁੰਚ ਕੇ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ**

--- ✶ ਗੁਰਦੁਆਰਾ ਸਾਹਿਬ ਦਾ ਪਤਾ ✶----

**Gurdawara Nanaksar Pleck 4 Wellington St, Walsall , WS2 9QR, West Midlands , Tel. : 01922 641040**

-- ✶ ਸਤਿਗੁਰੂ ਦੇ ਭਾਣੇ ਵਿੱਚ ✶--

| | | | |
|---|---|---|---|
| ਬੀਬੀ ਗੁਰਮੀਤ ਕੌਰ | (ਪਤਨੀ) | ਕੁਲਵਿੰਦਰ ਕੌਰ | (ਪੁੱਤਰੀ) |
| ਰਘਵੀਰ ਸਿੰਘ | (ਪੁੱਤਰ) | ਜਸਵਿੰਦਰ ਕੌਰ | (ਪੁੱਤਰੀ) |
| ਜਰਨੈਲ ਸਿੰਘ | (ਪੁੱਤਰ) | ਅਤੇ ਸਮੂਹ ਪਰਿਵਾਰ | |

Contact : 07830202647 (Jarnail Singh Johal), 07976210161 (Raghbir Singh)

ਆਵਾਜ਼ਿ ਕੌਮ AWAZE QAUM
International Newspaper & WEB TV




ਤਿਲਕ ਜੰਞੂ ਰਾਖਾ ਪ੍ਰਭ ਤਾ ਕਾ॥ ਕੀਨੋ ਬਡੋ ਕਲੂ ਮਹਿ ਸਾਕਾ।
ਸਾਧਨ ਹੇਤਿ ਇਤੀ ਜਿਨਿ ਕਰੀ॥ ਸੀਸੁ ਦੀਆ ਪਰੁ ਸੀ ਨ ਉਚਰੀ॥

# 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ

# ਗੁਰਮਤਿ ਸਮਾਗਮ







## GURU NANAK GURDWARA WILLENHALL 65-67 WALSAL ROAD (WV13 2RD)

**30 ਨਵੰਬਰ 2025 ਦਿਨ ਐਤਵਾਰ ਨੂੰ 3 ਵਜੇ ਸ੍ਰੀ ਸਹਿਜ ਪਾਠ ਦੇ ਭੋਗ ਪੈਣ ਉਪਰੰਤ ਦੀਵਾਨ ਸਜਾਏ ਜਾਣਗੇ**



ਭਾਈ ਅੰਮ੍ਰਿਤਪਾਲ ਸਿੰਘ ਢੱਪਈ
(3:30 ਵਜੇ)



ਭਾਈ ਕਮਲਜੀਤ ਸਿੰਘ ਜੀ
ਹਜੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ
(4:30 ਵਜੇ)

ਰਹਿਰਾਸ ਸਾਹਿਬ ਜੀ ਦੇ ਜਾਪ 5:30 ਵਜੇ ਤੋ 6:00 ਵਜੇ ਤੱਕ ਹੋਣਗੇ

ਗੁਰੂ ਕਾ ਲੰਗਰ ਅਤੁੱਟ ਵਰਤੇਗਾ



ਪੰਥ ਪ੍ਰਸਿੱਧ ਕਵੀਸ਼ਰੀ ਜਥਾ
ਜਾਗੋਵਾਲਾ ਜਥਾ
(6 ਵਜੇ)



ਭਾਈ ਜਗਤਾਰ ਸਿੰਘ ਜੀ
ਹਜੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ
(7 ਵਜੇ)

ਸੇਵਾ : ਸਮੂਹ ਨੌਜਵਾਨ ਸੇਵਾਦਾਰਾਂ, ਇੰਟਰਨੈਸ਼ਨਲ ਸਟੂਡੈਂਟਸ ਵੱਲੋਂ, ਗੁਰਦੁਆਰਾ ਪ੍ਰਬੰਧਕਾਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ

ਸੰਪਰਕ :- ਭਾਈ ਸਤਨਾਮ ਸਿੰਘ ਜੀ ਸੰਘਾ 07532825588 ਭਾਈ ਸੁਖਬੀਰ ਸਿੰਘ ਜੀ 07442671204

---

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

---

ਧਰਮੀ ਸਬਦ ਸਚੀ ਟਕਸਾਲ ॥ ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net

---

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









SANJHA PUNJAB

VEG & NON-VEG INDIAN

TAKE AWAY MENU

0116 291 1565

075 9999 5787

47 BELGRAVE ROAD
LEICESTER LE4 6AR

visit us : www.sanjhapunjab.co.uk
email: sanjha47@hotmail.com

SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008

Contact :
98150-83338
70879-59639



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।


-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਸ਼ਹੀਦੀ ਦਿਹਾੜੇ 22/23 ਨਵੰਬਰ 25 ਮੰਗਲਵਾਰ 28/29/30 ਨਵੰਬਰ 2025 ਨੂੰ ਸਮਰਪਿਤ ਦੀਵਾਨ ਸਜਣਗੇ।

**ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ**

**ਸ਼ਨਿੱਚਰਵਾਰ 22 ਨਵੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।**

ਐਤਵਾਰ 23 ਨਵੰਬਰ 2025 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪਰੰਤ 12:30 ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਗੀ ਭਾਈ ਇੰਦਰਜੀਤ ਸਿੰਘ ਬੁੱਟਰ ਸਰਸੇ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

### ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778




## ਜਥੇਦਾਰ ਗੜਗੱਜ ਨੇ ਜਲੰਧਰ ਵਿਖੇ ਬੀਤੇ ਦਿਨੀਂ ਕਤਲ ਕੀਤੀ ਬੱਚੀ ਦੇ ਪਰਿਵਾਰ ਨਾਲ ਕੀਤੀ ਮੁਲਾਕਾਤ

# ਦੋਸ਼ੀ ਵਿਅਕਤੀ ਵੱਲੋਂ ਦਰਿੰਦਗੀ ਨਾਲ ਬੱਚੀ ਦਾ ਕੀਤਾ ਗਿਆ ਕਤਲ, ਦਿੱਤੀ ਜਾਵੇ ਫਾਂਸੀ ਦੀ ਸਜ਼ਾ- ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ





ਜਲੰਧਰ/ਸ੍ਰੀ ਅੰਮ੍ਰਿਤਸਰ–

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਅੱਜ ਬੀਤੇ ਦਿਨੀਂ ਜਲੰਧਰ ਵਿੱਚ ਕਤਲ ਕੀਤੀ ਗਈ 13 ਸਾਲਾ ਬੱਚੀ ਦੇ ਪਰਿਵਾਰ ਨਾਲ ਮੁਲਾਕਾਤ ਕਰਕੇ ਦੁੱਖ ਸਾਂਝਾ ਕੀਤਾ। ਪਰਿਵਾਰ ਵੱਲੋਂ ਆਪਣੇ ਗ੍ਰਹਿ ਵਿਖੇ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅਤੇ ਅੰਤਿਮ ਅਰਦਾਸ ਮੌਕੇ ਪੁੱਜੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਨੇ ਬੱਚੀ ਦੀ ਆਤਮਿਕ ਸ਼ਾਂਤੀ ਲਈ ਖੁਦ ਅਰਦਾਸ ਕੀਤੀ ਅਤੇ ਹਾਜ਼ਰ ਸੰਗਤ ਨੂੰ ਹੁਕਮਨਾਮਾ ਵੀ ਸਰਵਣ ਕਰਵਾਇਆ।

ਇਸ ਦੌਰਾਨ ਜਥੇਦਾਰ ਗੜਗੱਜ ਨੇ ਪਰਿਵਾਰ ਪਾਸੋਂ ਸਮੁੱਚੀ ਘਟਨਾ ਦੀ ਜਾਣਕਾਰੀ ਪ੍ਰਾਪਤ ਕੀਤੀ ਅਤੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਸਮੁੱਚੀ ਸਿੱਖ ਕੌਮ ਇਸ ਔਖੀ ਘੜੀ ਵਿੱਚ ਉਨ੍ਹਾਂ ਦੇ ਨਾਲ ਖੜ੍ਹੇ ਹਨ। ਉਨ੍ਹਾਂ ਕਿਹਾ ਕਿ ਇਹ ਦੋਸ਼ੀ ਵਿਅਕਤੀ ਦੀ ਸ਼ੈਤਾਨ ਸੋਚ ਹੈ ਅਤੇ ਇਸ ਦੀ ਜਿਤਨੀ ਨਿਖੇਧੀ ਕੀਤੀ ਜਾਵੇ ਉਹ ਘੱਟ ਹੈ। ਉਨ੍ਹਾਂ ਕਿਹਾ ਕਿ ਇਹ ਘਟਨਾ ਬਹੁਤ ਹੀ ਦੁਖਦਾਈ ਅਤੇ ਹਿਰਦਿਆਂ ਨੂੰ ਵਲੂੰਧਰਣ ਵਾਲੀ ਹੈ ਕਿਉਂਕਿ 13 ਸਾਲ ਦੀ ਬੱਚੀ ਨੂੰ ਬਹੁਤ ਹੀ ਦਰਿੰਦਗੀ ਦੇ ਨਾਲ ਕਤਲ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਦਾ ਇਹ ਖਾਸਾ ਹੈ ਕਿ ਇੱਥੇ ਧੀਆਂ ਨੂੰ ਬਹੁਤ ਸਤਿਕਾਰ ਦਿੱਤਾ ਜਾਂਦਾ ਹੈ ਅਤੇ ਭਾਵੇਂ ਇੱਥੇ ਜੰਗਾਂ ਵੀ ਹੋਈਆਂ ਤਾਂ ਕਿਸੇ ਦੀ ਧੀ ਭੈਣ ਨਾਲ ਕੋਈ ਅਜਿਹਾ ਨਹੀਂ ਕਰਦਾ।

ਜਥੇਦਾਰ ਗੜਗੱਜ ਨੇ ਕਿਹਾ ਕਿ ਜਦੋਂ ਪਰਿਵਾਰ ਨੂੰ ਬੱਚੀ ਨਹੀਂ ਲੱਭ ਰਹੀ ਸੀ ਤਾਂ ਪੁਲਿਸ ਨੂੰ ਜਾਣਕਾਰੀ ਦਿੱਤੀ ਅਤੇ ਪੁਲਿਸ ਅਧਿਕਾਰੀ ਦੋਸ਼ੀ ਵਿਅਕਤੀ ਦੀ ਘਰੋਂ ਬਰੀਕੀ ਨਾਲ ਜਾਂਚ ਕਰੇ ਬਿਨਾਂ ਹੀ ਵਾਪਸ ਆ ਗਏ। ਬਾਅਦ ਵਿੱਚ ਹੋਰ ਸਖ਼ਤੀ ਹੋਣ ਉੱਤੇ ਬੱਚੀ ਦੀ ਲਾਸ਼ ਦੋਸ਼ੀ ਦੇ ਘਰੋਂ ਹੀ ਮਿਲੀ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਜਾਂਚ ਵਿੱਚ ਸ਼ੁਰੂ ਵਿੱਚ ਅਣਗਹਿਲੀ ਵਰਤਣ ਵਾਲੇ ਸਬੰਧਤ ਪੁਲਿਸ ਅਧਿਕਾਰੀ ਬਰਖਾਸਤ ਕੀਤੇ ਜਾਣੇ ਚਾਹੀਦੇ ਹਨ, ਕਿਉਂਕਿ ਇਸ ਮਾਮਲੇ ਵਿੱਚ ਦੇਰੀ ਨਹੀਂ ਸੀ ਹੋਣੀ ਚਾਹੀਦੀ।

ਜਥੇਦਾਰ ਗੜਗੱਜ ਨੇ ਕਿਹਾ ਕਿ ਦੋਸ਼ੀ ਵਿਅਕਤੀ ਸਮਾਜ ਵਿੱਚ ਇੱਕ ਦਰਿੰਦਾ ਹੈ ਜਿਸ ਨੂੰ ਕਾਨੂੰਨ ਮੁਤਾਬਕ ਫਾਂਸੀ ਦੀ ਸਜ਼ਾ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਦਰਿੰਦੇ ਭਾਵੇਂ ਉਹ ਕਿਸੇ ਵੀ ਸੂਬੇ ਜਾਂ ਧਰਮ ਦੇ ਹੋਣ, ਉਨ੍ਹਾਂ ਨੂੰ ਜੇਕਰ ਫਾਂਸੀ ਹੋਵੇਗੀ ਤਾਂ ਅਜਿਹੇ ਪਾਪ ਦੁਨੀਆ ਤੋਂ ਰੁਕਣਗੇ। ਉਨ੍ਹਾਂ ਕਿਹਾ ਇਨਸਾਫ਼ ਦੀ ਲੜਾਈ ਵਿੱਚ ਉਹ ਪਰਿਵਾਰ ਦੇ ਨਾਲ ਹਨ। ਜਥੇਦਾਰ ਗੜਗੱਜ ਨੇ ਸਿੱਖ ਜਗਤ ਨੂੰ ਅਪੀਲ ਕੀਤੀ ਕਿ ਸਮਾਜ ਵਿੱਚ ਅਜਿਹੇ ਦਰਿੰਦਿਆਂ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਅਜਿਹਾ ਅਪਰਾਧ ਪੰਜਾਬ ਦਾ ਖਾਸਾ ਨਹੀਂ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੂੰ ਸਮਰਪਿਤ

# ਤਿੰਨ ਰੋਜ਼ਾ ਅੰਤਰਰਾਸ਼ਟਰੀ ਗੁਰਮਤਿ ਸੰਗੀਤ ਸੰਮੇਲਨ ਅਤੇ ਕਾਨਫਰੰਸ ਸੰਪੰਨ






**ਤਲਵੰਡੀ ਸਾਬੋ, 27 ਨਵੰਬਰ (ਗੁਰਜੰਟ ਸਿੰਘ ਨਥੇਹਾ)**- ਗੁਰੂ ਕਾਸ਼ੀ ਯੂਨੀਵਰਸਿਟੀ ਵਿਖੇ ਸਥਾਪਿਤ ਗੁਰੂ ਨਾਨਕ ਚੇਅਰ, ਭਾਈ ਮਰਦਾਨਾ ਚੇਅਰ ਅਤੇ ਫੈਕਲਟੀ ਆਫ਼ ਵਿਜ਼ੂਅਲ ਐਂਡ ਪਰਫਾਰਮਿੰਗ ਆਰਟਸ ਵੱਲੋਂ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਦੇ 350ਵੇਂ ਵਰ੍ਹੇ ਨੂੰ ਸਮਰਪਿਤ ਤਿੰਨ ਰੋਜ਼ਾ ਗੁਰਮਤਿ ਸੰਗੀਤ ਸੰਮੇਲਨ ਅਤੇ ਅੰਤਰ-ਰਾਸ਼ਟਰੀ ਕਾਨਫਰੈਂਸ ਵਰਸਿਟੀ ਦੇ ਆਡੀਟੋਰੀਅਮ ਵਿਖੇ ਸੰਪੰਨ ਹੋਈ। ਗੁਰਮਤਿ ਸੰਮੇਲਨ ਦੀ ਪ੍ਰਧਾਨਗੀ ਕਰ ਰਹੇ ਪਦਮ ਸ਼੍ਰੀ ਪੂਰਨ ਚੰਦ ਵਡਾਲੀ ਨੇ ਆਯੋਜਕਾਂ ਵੱਲੋਂ ਗੁਰਮਤਿ ਸੰਗੀਤ ਦੇ ਪ੍ਰਚਾਰ, ਪਾਸਾਰ ਅਤੇ ਤੰਤੀ ਲੋਕ ਸਾਜਾਂ ਦੀ ਸਾਂਭ ਸੰਭਾਲ ਲਈ ਕੀਤੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਆਪਣੇ ਸੂਫੀਆਨਾ ਕਲਾਮ ਅਤੇ ਗੁਰੂਆਂ ਵੱਲੋਂ ਸੁਝਾਈ ਜੀਵਨ ਜਾਂਚ ਰਾਹੀਂ ਦਰਸ਼ਕਾਂ ਦੀ ਵਾਹ-ਵਾਹ ਖੱਟੀ। ਕਾਨਫਰੈਂਸ ਦੀ ਪ੍ਰਧਾਨਗੀ ਡਾ. ਦਲਬੀਰ ਸਿੰਘ ਕਥੂਰੀਆ, ਚੇਅਰਮੈਨ, ਵਿਸ਼ਵ ਪੰਜਾਬੀ ਸਭਾ ਬਰੈਮਪਟਨ, ਕੈਨੇਡਾ ਨੇ ਕੀਤੀ। ਇਸ ਮੌਕੇ ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਨੇ ਵਿਸ਼ੇਸ਼ ਮਹਿਮਾਨ ਤੇ ਪ੍ਰੋ. ਡਾ. ਜਸਪਾਲ ਕੌਰ ਕਾਂਗ ਸਾਬਕਾ ਡੀਨ ਜੀ.ਐਨ.ਡੀ.ਯੂ. ਨੇ ਮੁੱਖ ਵਕਤਾ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਪ੍ਰੋ. (ਡਾ.) ਗੁਰਨਾਮ ਸਿੰਘ ਕੈਨੇਡਾ, ਦਲਜਿੰਦਰ ਸਿੰਘ ਰਾਹੇਲ, ਨਵਪ੍ਰੀਤ ਕੌਰ, ਹਰਬਿੰਦਰ ਸਿੰਘ ਬਾਜਵਾ, ਸਤਬੀਰ ਸਿੰਘ, ਜਸਵਿੰਦਰ ਸਿੰਘ ਬਿਟਾ ਤੇ ਵੱਖ-ਵੱਖ ਦੇਸ਼ਾਂ ਤੋਂ ਵਿਦਵਾਨ, ਬੁਧੀਜੀਵੀ ਤੇ ਗੁਰਮਤਿ ਸੰਗੀਤ ਨਾਲ ਜੁੜੀਆਂ ਸਖ਼ਸ਼ੀਅਤਾਂ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਯੂਨੀਵਰਸਿਟੀ ਦੇ ਚਾਂਸਲਰ ਸਿੱਧੂ ਨੇ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੂੰ ਸਿਜਦਾ ਕੀਤਾ ਤੇ ਉਨ੍ਹਾਂ ਵੱਲੋਂ ਸਰਬੱਤ ਦੇ ਭਲੇ ਲਈ ਵਿਖਾਏ ਗਏ ਰਸਤੇ ਤੇ ਚੱਲਣ ਦੀ ਗੱਲ ਕੀਤੀ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਵੱਲੋਂ ਹਰ ਸਾਲ ਜੰਮੂ ਕਸ਼ਮੀਰ ਦੇ 25 ਸਿੱਖ ਪਰਿਵਾਰਾਂ ਦੇ ਬੱਚਿਆਂ ਨੂੰ ਮੁਫ਼ਤ ਸਿੱਖਿਆ ਮੁਹੱਈਆ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਜੀ.ਕੇ.ਯੂ. ਪਰਿਵਾਰ ਗੁਰੂਆਂ ਵੱਲੋਂ ਸੁਝਾਈ ਸੇਵਾ ਭਾਵ ਤੇ ਨਿੱਜ ਤੋਂ ਪਰੇ ਹੋ ਕੇ ਉਪਕਾਰ ਕਰਨ ਦੇ ਫਲਸਫੇ ਨੂੰ ਵੱਖ-ਵੱਖ ਆਯੋਜਨਾਂ ਰਾਹੀਂ ਵਿਦਿਆਰਥੀਆਂ ਤੱਕ ਪਹੁੰਚਾਏਗਾ। ਕਾਨਫਰੰਸ ਵਿੱਚ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਡਾ. ਕਥੂਰੀਆ ਨੇ ਜੀ.ਕੇ.ਯੂ. ਵੱਲੋਂ ਸਥਾਪਿਤ ਕੀਤੀ ਗੁਰੂ ਨਾਨਕ ਚੇਅਰ ਅਤੇ ਭਾਈ ਮਰਦਾਨਾ ਚੇਅਰ ਨੂੰ ਗੁਰੂਆਂ ਪ੍ਰਤੀ ਸੱਚੀ ਸ਼ਰਧਾਂਜਲੀ ਦੱਸਿਆ ਤੇ ਹਰ ਤਰ੍ਹਾਂ ਦੇ ਸਹਿਯੋਗ ਦਾ ਵਾਅਦਾ ਕੀਤਾ। ਵਾਈਸ ਚਾਂਸਲਰ ਡਾ. ਸਿੰਘ ਨੇ ਗੁਰਮਤਿ ਸੰਗੀਤ ਦੇ ਪਾਸਾਰ ਲਈ 'ਵਰਸਿਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਜੀ.ਕੇ.ਯੂ. ਗੁਰੂਆਂ ਦੇ ਫਲਸਫੇ ਅਤੇ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਉਤਾਰ ਕੇ ਲੋਕ ਹਿੱਤ ਦੇ ਕੰਮ ਜਾਰੀ ਰੱਖੇਗੀ। ਸਵਾਗਤੀ ਭਾਸ਼ਣ ਵਿੱਚ ਪ੍ਰੋ ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ ਨੇ ਤਿੰਨ ਦਿਨ ਚੱਲੇ ਗੁਰਮਤਿ ਸੰਮੇਲਨ ਅਤੇ ਕਾਨਫਰੰਸ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਇਸ ਖੇਤਰ ਵਿੱਚ ਜੀ.ਕੇ.ਯੂ. ਵੱਲੋਂ ਭਵਿੱਖ ਦੀਆਂ ਯੋਜਨਾਵਾਂ ਬਾਰੇ ਵੀ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਜੇਕਰ ਗੁਰੂਆਂ ਵੱਲੋਂ ਸੁਝਾਈ ਸਹਿਣਸ਼ੀਲਤਾ ਤੇ ਨੇਕ ਨਿਅਤੀ ਨਾਲ ਜੀਵਨ ਗੁਜਾਰਿਆ ਜਾਵੇ ਤਾਂ ਦੁਨੀਆ ਦੀ ਕਸ਼ੀਦਗੀ ਵਿੱਚ ਕਮੀ ਆ ਸਕਦੀ ਹੈ। ਸਮਾਰੋਹ ਵਿੱਚ ਗੁਰੂ ਤੇਗ ਬਹਾਦੁਰ ਜੀ ਨੂੰ ਸਮਰਪਿਤ ਰਾਜ ਜਨੱਤ ਵੱਲੋਂ ਸੰਗੀਤਬੱਧ ਅਤੇ ਗਾਇਨ ਕੀਤੀ ਸ਼ਬਦ ਐਲਬਮ ਰੂਹਾਨੀਅਤ ਦਾ ਪੋਸਟਰ ਰੀਲੀਜ਼ ਕੀਤਾ ਗਿਆ। ਗੁਰੂ ਤੇਗ ਬਹਾਦੁਰ ਜੀ ਦੀ ਸ਼ਹਾਦਤ ਨੂੰ ਸਮਰਪਿਤ ਕਵੀ ਦਰਬਾਰ ਦਾ ਆਯੋਜਨ ਵੀ ਕੀਤਾ ਗਿਆ ਜਿਸ ਵਿੱਚ ਇਲਾਕੇ ਦੇ ਨਾਮਵਰ ਕਵੀਆਂ ਤੇ ਮਸ਼ਹੂਰ ਕਲਾਕਾਰ ਸੁਰਿੰਦਰ ਫਰਿਸ਼ਤਾ ਨੇ ਹਿੱਸਾ ਲਿਆ। ਇਸ ਮੌਕੇ ਆਪਣੇ ਧੰਨਵਾਦੀ ਭਾਸ਼ਣ ਵਿੱਚ ਕਾਨਫਰੰਸ ਨਿਰਦੇਸ਼ਕ ਡਾ. ਗੁਰਪ੍ਰੀਤ ਕੌਰ ਨੇ ਵਰਸਿਟੀ ਪ੍ਰਬਧੰਕਾਂ ਅਤੇ ਹਾਜ਼ਰ ਵਿਦਵਾਨਾਂ ਦਾ ਧੰਨਵਾਦ ਕਰਦੇ ਹੋਏ ਭਵਿੱਖ ਵਿੱਚ ਹੋਰ ਸੰਮੇਲਨ ਅਤੇ ਕਾਨਫਰੰਸਾਂ ਆਯੋਜਿਤ ਕਰਨ ਦੀ ਗੱਲ ਆਖੀ। ਆਯੋਜਕਾਂ ਵੱਲੋਂ ਪਤਵੰਤਿਆਂ ਨੂੰ ਦੁਸ਼ਾਲੇ ਅਤੇ ਸਮ੍ਰਿਤੀ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ ਤੇ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ। ਭੇਂਟ ਕੀਤੀ ਤਸਵੀਰ ਯੂਨੀਵਰਸਿਟੀ ਦੀ ਵਿਦਿਆਰਥਣ ਸਰਗਮ ਵੱਲੋਂ ਤਿਆਰ ਕੀਤੀ ਗਈ ਸੀ।

### ਜੰਮੂ ਕਸ਼ਮੀਰ ਦੇ ਸਿੱਖ ਪਰਿਵਾਰਾਂ ਦੇ 25 ਬੱਚਿਆਂ ਨੂੰ ਮੁਫ਼ਤ ਸਿੱਖਿਆ ਮੁਹੱਈਆ ਕਰਵਾਏਗੀ ਜੀ.ਕੇ.ਯੂ.- ਗੁਰਲਾਭ ਸਿੰਘ ਸਿੱਧੂ

ਗਲੀਚੇ, ਫਰਨੀਚਰ, ਕੱਪੜੇ ਅਤੇ ਸਜਾਵਟੀ ਵਸਤਾਂ ਮਕਬੂਲ

# ਕਸ਼ਮੀਰੀ ਕਾਹਵਾ, ਸੁੱਕੇ ਮੇਵੇ, ਖਾਣ-ਪੀਣ ਦੀਆਂ ਸਟਾਲਾਂ 'ਤੇ ਜੁੜੀ ਭੀੜ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਸੰਗਰੂਰ ਦੇ ਰਣਬੀਰ ਕਾਲਜ ਵਿਖੇ ਚੱਲ ਰਹੇ ਪੰਜਾਬ ਸਖੀ ਸ਼ਕਤੀ ਮੇਲੇ ਵਿੱਚ ਅੱਜ ਦੂਜੇ ਦਿਨ ਵੱਡੀ ਗਿਣਤੀ ਦਰਸ਼ਕਾਂ ਦੀ ਆਮਦ ਹੋਈ। ਇਸ ਮੇਲੇ 'ਚ ਲੋਕਾਂ ਦੇ ਖਰੀਦਣ ਲਈ ਵੱਖ-ਵੱਖ ਸ਼ਿਲਪ ਕਲਾ ਦੀਆਂ 50 ਸਟਾਲਾਂ ਜਦਕਿ 3 ਖੁੱਲ੍ਹੀਆਂ ਸਟਾਲਾਂ ਸਜੀਆਂ ਹੋਈਆਂ ਹਨ, ਜਿਨ੍ਹਾਂ ਸਾਰੀਆਂ ਉਪਰ ਹੀ ਗਾਹਕ ਪੁੱਜ ਕੇ ਖਰੀਦਦਾਰੀ ਕਰ ਰਹੇ ਹਨ। ਪੰਜਾਬ ਸਖੀ ਸ਼ਕਤੀ ਮੇਲੇ 'ਚ ਪੁੱਜਣ ਵਾਲੇ ਲੋਕਾਂ ਲਈ ਗਲੀਚੇ, ਲੱਕੜ ਦਾ ਫਰਨੀਚਰ, ਕੱਪੜੇ, ਵੱਖ-ਵੱਖ ਤਰ੍ਹਾਂ ਦੇ ਫੁੱਲ, ਲੱਕੜ 'ਤੇ ਕਢਾਈ, ਔਰਤਾਂ ਲਈ ਸਜਾਵਟੀ ਸਮਾਨ ਤੇ ਹੌਜ਼ਰੀ ਵਸਤਾਂ ਤੇ ਸਜਾਵਟੀ ਵਸਤਾਂ, ਲੱਕੜ ਦੀਆਂ ਵਸਤਾਂ ਆਦਿ ਖਾਸ ਖਿੱਚ ਦਾ ਕੇਂਦਰ ਬਣੀਆਂ ਹੋਈਆਂ ਹਨ। ਇਸ ਤੋਂ ਬਿਨ੍ਹਾਂ ਲਜ਼ੀਜ਼ ਪਕਵਾਨਾਂ ਦਾ ਸਵਾਦ ਲੈਣ ਸਮੇਤ ਬੱਚਿਆਂ ਲਈ ਝੂਲਿਆਂ 'ਤੇ ਵੀ ਦਰਸ਼ਕ ਵੱਡੀ ਗਿਣਤੀ ਪੁੱਜ ਕੇ ਮਨੋਰੰਜਨ ਕਰ ਰਹੇ ਹਨ। ਮੇਲੇ 'ਚ ਉੱਤਰ ਖੇਤਰੀ ਸੱਭਿਆਚਾਰਕ ਕੇਂਦਰ ਦੇ ਸਹਿਯੋਗ ਨਾਲ ਦਰਸ਼ਕਾਂ ਦੇ ਮਨੋਰੰਜਨ ਲਈ ਪੁੱਜੇ ਕਲਾਕਾਰਾਂ ਨੇ ਸੱਭਿਆਚਾਰ ਅਤੇ ਪ੍ਰੰਪਰਾਵਾਂ ਦੀ ਦਿਲਕਸ਼ ਪੇਸ਼ਕਾਰੀ ਨਾਲ ਵੱਖਰੇ ਤੌਰ 'ਤੇ ਦਰਸ਼ਕਾਂ ਦਾ ਮਨ ਮੋਹਿਆ ਹੋਇਆ ਹੈ। ਜਦਕਿ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਪੇਸ਼ਕਾਰੀਆਂ ਖਿੱਚ ਦਾ ਕੇਂਦਰ ਬਣੀਆਂ ਹਨ।




ਇਸ ਮੇਲੇ ਦੇ ਨੋਡਲ ਅਫ਼ਸਰ ਤੇ ਵਧੀਕ ਡਿਪਟੀ ਕਮਿਸ਼ਨਰ (ਦਿਹਾਤੀ ਵਿਕਾਸ) ਸੁਖਚੈਨ ਸਿੰਘ ਨੇ ਦੱਸਿਆ ਕਿ ਰਣਬੀਰ ਕਾਲਜ 'ਚ 30 ਨਵੰਬਰ ਤੱਕ ਚੱਲਣ ਵਾਲੇ ਪੰਜਾਬ ਸਖੀ ਸ਼ਕਤੀ ਮੇਲੇ 'ਚ ਵੱਡੀ ਗਿਣਤੀ ਦਰਸ਼ਕ ਪੁੱਜ ਰਹੇ ਹਨ ਅਤੇ ਇੱਥੇ ਲੱਗੀਆਂ ਵੱਖ-ਵੱਖ ਸਟਾਲਾਂ 'ਤੇ ਚੰਗੀ ਵਿਕਰੀ ਦਰਜ ਕੀਤੀ ਗਈ ਹੈ। ਸੁਖਚੈਨ ਸਿੰਘ ਨੇ ਸੰਗਰੂਰ ਵਾਸੀਆਂ ਤੇ ਆਮ ਲੋਕਾਂ ਸੱਦਾ ਦਿੱਤਾ ਕਿ ਉਹ ਇੱਸ ਮੇਲੇ ਦਾ ਅਨੰਦ ਮਾਨਣ ਲਈ ਰਣਬੀਰ ਕਾਲਜ ਪੁੱਜਣ, ਕਿਉਂਕਿ ਇਥੇ ਵੱਖ ਵੱਖ ਰਾਜਾਂ 'ਚੋਂ ਪੁੱਜੇ ਸ਼ਿਲਪਕਾਰਾਂ ਦੀ ਵਸਤਾਂ ਇੱਕ ਮੰਚ 'ਤੇ ਮੁਹੱਈਆ ਕਰਵਾਈਆਂ ਗਈਆਂ ਹਨ।

# "ਸਿੱਖ ਕੌਮ 'ਚ ਪਾੜ ਪਾਉਣ ਵਾਲਿਆਂ ਤੋਂ ਸਾਵਧਾਨ"



**ਇਸ** ਕੈਂਸਰ ਠੱਗ ਦਾ ਹੁਣ ਰੀਝ ਨਾਲ ਪੋਸਟਮਾਰਟਮ ਹੋਣਾ ਚਾਹੀਦਾ ਤਾਂ ਜੋ ਅੱਜ ਤੋਂ ਬਾਅਦ ਇਹ ਕਿਸੇ ਮੀਡੀਆ ਚੈਨਲਾਂ ਤੇ ਬੈਠ ਕੇ ਸਿੱਖ ਕੌਮ ਨੂੰ ਮੁਖਾਤਿਬ ਹੋਣ ਤੋਂ ਪਹਿਲਾਂ ਸੌ ਵਾਰ ਸੋਚੇ, ਹਾਲੇ ਤੱਕ ਸਾਡੀਆਂ ਅਧਿਕਾਰਤ ਸਿੱਖ ਸੰਸਥਾਵਾਂ ਵਲੋਂ ਇਹਦੀ ਉਗਲੀ ਜ਼ਿਹਰ ਤੇ ਕੋਈ ਟਿੱਪਣੀ ਜਾਂ ਬਿਆਨ ਨਹੀਂ ਆਇਆ, ਇਹਦੇ ਵਲੋਂ ਸਿੱਖਾਂ ਦੇ ਗੁਰਦੁਆਰਾ ਪ੍ਰਬੰਧ ਨੂੰ ਭੰਡ ਕੇ ਦਾਨ ਇਕੱਠਾ ਕਰਨ ਵਾਲੇ ਮਾਇਆ ਜਾਲ ਤੋਂ ਆਮ ਸਿੱਖ ਸੰਗਤ ਜਾਗਰੂਕ ਹੋਵੇ, ਇਸ ਬੰਦੇ ਨੂੰ ਕਿਸੇ ਦੇ ਦੁੱਖ ਦੀ ਏਨੀ ਤਕਲੀਫ਼ ਨਹੀਂ ਜਿੰਨੀ ਤਕਲੀਫ਼ ਇਸ ਗੱਲ ਦੀ ਹੈ ਕਿ ਪੰਜਾਬ ਦੇ ਪਿੰਡਾਂ ਵਿਚ ਇਕ ਤੋਂ ਜ਼ਿਆਦਾ ਗੁਰਦੁਆਰੇ ਕਿਉਂ ਹਨ, ਗੁਰੂ ਘਰਾਂ ਵਿਚ ਦਿਨ ਰਾਤ ਲੰਗਰ ਕਿਉਂ ਚਲਦੇ ਨੇ, ਗੁਰੂ ਦੇ ਸਨਮੁਖ ਪਈ ਗੋਲਕ ਇਸ ਨੂੰ ਸੌਣ ਨਹੀਂ ਦਿੰਦੀ, ਸਿੱਖ ਸੰਗਤਾਂ ਦੇ ਸਹਿਯੋਗ ਨਾਲ ਬਣੀ 15 ਕਰੋੜ ਦੀ ਕੌਮੀ ਸੰਪਤੀ ਮੁਫ਼ਤ ਵਿਚ ਲੈ ਕੇ ਵੀ ਇਹ ਬੰਦਾ ਉਸੇ ਕੌਮ ਨੂੰ ਤਾਅਨੇ ਦੇ ਕੇ ਜ਼ਲੀਲ ਕਰ ਰਿਹਾ, 1984 ਤੋਂ ਬਾਅਦ ਢਹਿ ਚੁੱਕੇ ਅਕਾਲ ਤਖਤ ਸਾਹਿਬ ਦੀ ਮੁੜ ਉਸਾਰੀ ਵੇਲ਼ੇ ਵੀ ਕੁਝ ਸਿੱਖਾਂ ਦੇ ਘਰ ਜੰਮੀਆਂ ਨਜ਼ਾਇਜ ਔਲਾਦਾਂ ਨੇ ਇਹੋ ਜਿਹੀ ਚਵਲ ਮਾਰੀ ਸੀ ਕਿ ਇਥੇ ਹੁਣ ਕੋਈ ਹਸਪਤਾਲ ਜਾਂ ਲਾਇਬ੍ਰੇਰੀ ਬਣਾ ਦਿੱਤੀ ਜਾਵੇ ਤੇ ਇਹ ਵੀ ਉਸੇ ਰਾਹ ਤੇ ਚੱਲ ਰਿਹਾ, ਮੈਂ ਤਾਂ ਹੈਰਾਨ ਹਾਂ ਕਿ ਪਿਛਲੇ ਇਕ ਦਹਾਕੇ ਤੋਂ ਇਸਦੀ ਬਕਵਾਸ ਦਾ ਸਾਡੀ ਕਿਸੇ ਸ਼ੋਮਣੀ ਸੰਸਥਾ ਜਾਂ ਕੌਮੀ ਆਗੂ ਨੇ ਇਹਦਾ ਨੋਟਿਸ ਨਹੀਂ ਲਿਆ, ਇਸ ਠੱਗ ਦੇ ਗੁੰਮਰਾਹਕੁੰਨ ਪ੍ਰਚਾਰ ਤੋਂ ਬਚੋ ਤੇ ਕੌਮ ਦੀ ਸ਼੍ਰੋਮਣੀ ਸੰਸਥਾ ਗੁਰਦੁਆਰਾ ਸਾਹਿਬ ਤੇ ਲੰਗਰ ਵਰਗੀਆਂ ਪਵਿੱਤਰ ਤੇ ਗੁਰੂ ਵਰੋਸਾਈਆਂ ਰਵਾਇਤਾਂ ਖਿਲਾਫ਼ ਇਹਦੀ ਹਰ ਦੂਜੇ ਚੌਥੇ ਦਿਨ ਕੀਤੀ ਜਾਂਦੀ ਬਕਵਾਸ ਦਾ ਜਵਾਬ ਜ਼ਰੂਰ ਤਸੱਲੀ ਨਾਲ ਦਿਉ ਜਿੱਥੇ ਵੀ ਇਹ ਮਿਲਦਾ, ਹਾਲ ਦੀ ਘੜੀ ਸੋਸ਼ਲ ਮੀਡੀਆ ਤੇ ਇਹਦਾ ਬਣਦਾ ਮਾਣ ਸਨਮਾਨ ਜ਼ਰੂਰ ਕਰੋ ਤਾਂ ਜੋ ਕੁਝ ਅਕਲ ਟਿਕਾਣੇ ਆਵੇ ਇਹਦੀ...!

-ਗੁਰਪ੍ਰੀਤ ਸਿੰਘ ਵਰਨ

ਵਿਚਾਰ ਆਪੋ-ਆਪਣਾ

## 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਚੜਦੀਕਲਾ ਵੈਲਫੇਅਰ ਕਲੱਬ ਵੱਲੋਂ ਲਗਾਇਆ ਮੁਫ਼ਤ ਹੋਮਿਓਪੈਥੀ ਮੈਡੀਕਲ ਕੈਂਪ





**ਤਲਵੰਡੀ ਸਾਬੋ, 27 ਨਵੰਬਰ (ਗੁਰਜੰਟ ਸਿੰਘ ਨਥੇਹਾ)**-ਨਜ਼ਦੀਕੀ ਪਿੰਡ ਜਗਾ ਰਾਮ ਤੀਰਥ ਦੇ ਗੁਰਦੁਆਰਾ ਥੰਮ ਸਾਹਿਬ ਵਿਖੇ ਚੜਦੀਕਲਾ ਵੈਲਫੇਅਰ ਕਲੱਬ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਹੈਮਿਓਪੈਥਿਕ ਮੈਡੀਕਲ ਮੁਫਤ ਕੈਂਪ ਲਗਾਇਆ ਗਿਆ। ਕੈਂਪ ਦਾ ਉਦਘਾਟਨ ਤਖਤ ਸ੍ਰੀ ਦਮਦਮਾ ਸਾਹਿਬ ਦੇ ਐਡੀਸ਼ਨਲ ਮੈਨੇਜਰ ਗੁਰਦੇਵ ਸਿੰਘ ਸੰਧੂ ਜੰਬਰ ਨੇ ਰਿਬਨ ਕੱਟ ਕੇ ਕੀਤਾ। ਕਲੱਬ ਪ੍ਰਧਾਨ ਜੱਗਾ ਸਿੰਘ ਸਿੱਧੂ ਨੇ ਦੱਸਿਆ ਇਸ ਕੈਂਪ ਵਿਚ ਹੋਮਿਓਪੈਥੀਕ ਮੈਡੀਕਲ ਅਫਸਰ ਡਾਕਟਰ ਅੰਚਲ ਮਿਸ਼ਰਾ ਅਤੇ ਰਾਜੇਸ਼ ਕੁਮਾਰ ਫਰਮਾਸਿਸਟ ਨੇ ਮਰੀਜ਼ਾਂ ਦਾ ਚੈੱਕ ਅੱਪ ਕੀਤਾ ਅਤੇ ਮੁਫਤ ਦਵਾਈਆਂ ਵੀ ਵੰਡੀਆਂ ਇਸ ਕੈਂਪ ਵਿੱਚ 125 ਮਰੀਜ਼ਾਂ ਨੇ ਇਸ ਕੈਂਪ ਦਾ ਲਾਹਾ ਖੱਟਿਆ। ਇਸ ਮੌਕੇ ਤਰਸੇਮ ਸਿੰਘ ਇੰਸਪੈਕਟਰ, ਬਿੱਟੂ ਸਿੰਘ ਸੰਧੂ ਖ਼ਜ਼ਾਨਚੀ, ਮੀਤ ਪ੍ਰਧਾਨ ਬਲਵਿੰਦਰ ਸਿੰਘ ਸਿੱਧੂ, ਰਾਜਪਾਲ ਸਿੰਘ, ਇਕਬਾਲ ਸੰਧੂ, ਦਲਜੀਤ ਸੰਧੂ, ਡਾ. ਵੈਨੀਵਾਲਾ ਯਾਦਵ ਸੰਧੂ, ਯਾਦਵਿੰਦਰ ਸੰਧੂ, ਦਿਲਬਾਗ ਸੰਧੂ ਅਤੇ ਲਖਵਿੰਦਰ ਸਿੱਧੂ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਜਉ ਤਉ ਪ੍ਰੇਮ ਖੇਲਣ ਕਾ ਚਾਉ ਸਿਰੁ ਧਰਿ ਤਲੀ ਗਲੀ ਮੇਰੀ ਆਉ




**ਵਾਹਿਗਰੂ ਜੀ ਕਾ ਖਾਲਸਾ,ਵਾਹਿਗੁਰੂ ਜੀ ਕੀ ਫਤਿਹ**

ਸਰਬੱਤ ਸਾਧ ਸੰਗਤ ਜੀ ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਜੀ ਮਹਾਰਾਜ ਅਤੇ ਸ਼ਹੀਦ ਭਾਈ ਸਤੀਦਾਸ ਜੀ,ਭਾਈ ਮਤੀਦਾਸ ਜੀ ,ਭਾਈ ਦਿਆਲਾ ਜੀ ਦੇ ਸ਼ਹੀਦੀ ਸ਼ਹਾਦਤ 350 ਸਾਲ ਸ਼ਤਾਬਦੀ ਪਿੰਡ ਸਲੇਮਪੁਰ ਮਸੰਦਾ, ਗੁਰਦੁਆਰਾ ਸ਼੍ਰੀ ਸਿੰਘ ਸਭਾ ਵਿਖੇ ਸ਼ਤਾਬਦੀ ਸਮਾਗਮ 29/11/25,ਤੋਂ1/12/25 ਨੂੰ ਮਨਾਏ ਜਾ ਰਹੇ ਹਨ, ਜੋ ਕਿ 29/11/25 ਦਿਨ ਸ਼ਨੀਵਾਰ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਜਾਣਗੇ ਅਤੇ1/12/25 ਦਿਨ ਸੋਮਵਾਰ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ਉਪਰੰਤ ਦੀਵਾਨ ਸਜਾਏ ਜਾਣਗੇ ਸਮੂਹ ਨਗਰ ਦੀਆ ਸੰਗਤਾ ਅਤੇ ਐਨ ਆਰ ਆਈ ਸੰਗਤਾ ਨੂੰ ਸਨਿਮਰ ਬੇਨਤੀ ਹੈ ਕਿ 350ਵਾਂ ਸ਼ਹੀਦੀ ਸ਼ਤਾਬਦੀ ਵਿੱਚ ਆਪਣਾ ਯੋਗਦਾਨ ਪਾ ਕੇ ਵਡਵਾਗੇ ਬਣੋ।

**ਗੁਰੂ ਪੰਥ ਦੀ ਦਾਸ**

## ਸਮੂਹ ਪ੍ਰਬੰਧਕ ਕਮੇਟੀ

## ਗੁਰਦੁਆਰਾ ਸ਼੍ਰੀ ਸਿੰਘ ਸਭਾ ਪਿੰਡ ਸਲੇਮਪੁਰ ਮਸੰਦਾ

### ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲਿਆ ਸ਼ਹੀਦੀ ਨਗਰ ਕੀਰਤਨ ਗੁਰਦੁਆਰਾ ਸ੍ਰੀ ਸੀਸ ਗੰਜ ਸਾਹਿਬ ਵਿਖੇ ਸੰਪੂਰਨ ਹੋਇਆ

# ਗੁਰੂ ਤੇਗ . ਬਹਾਦਰ ਸਾਹਿਬ ਦੀ ਅਦੁੱਤੀ ਸ਼ਹਾਦਤ ਮਨੁੱਖਤਾ ਲਈ ਪ੍ਰੇਰਨਾ ਸਰੋਤ--ਸੰਤ ਪ੍ਰਿਤਪਾਲ ਸਿੰਘ















**ਨਵੀਂ ਦਿੱਲੀ, 27 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਸੰਤ ਖਾਲਸਾ ਇੰਟਰਨੈਸ਼ਨਲ ਫਾਂਊਡੇਸ਼ਨ ਗੁਰੂਦੁਆਰਾ ਗੁਰਸਾਗਰ ਸਾਹਿਬ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਅੱਜ ਸ਼ਾਮ ਨਵੀਂ ਦਿਲੀ ਵਿਖੇ ਗੁਰਦੁਆਰਾ ਸੀਸ ਗੰਜ ਵਿਖੇ ਸੰਪੂਰਨ ਹੋ ਗਿਆ ਇਹ ਨਗਰ ਕੀਰਤਨ ਫਾਂਊਂਡੇਸ਼ਨ ਦੇ ਚੇਅਰਮੈਨ ਸ੍ਰੀ ਮਾਨ ਸੰਤ ਬਾਬਾ ਪ੍ਰਿਤਪਾਲ ਸਿੰਘ ਜੀ ਸੁਖਨਾ ਝਿੱਲ ਚੰਡੀਗੜ੍ਹ ਵਾਲਿਆਂ ਦੀ ਪ੍ਰੇਰਨਾ ਸਦਕਾ ਭਾਈ ਤੇਜੇਸ਼ਵਰ ਪ੍ਰਤਾਪ ਸਿੰਘ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੌਕੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਬੁਲਾਰੇ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ ਭਾਈ ਕਰਨੈਲ ਸਿੰਘ ਪੀਰ ਮੁਹੰਮਦ, ਭਾਈ ਜਗਜੀਤ ਸਿੰਘ ਛੜਬੜ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸ੍ਰੀ ਗੁਰੂ ਗਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸ਼ਹੀਦੀ ਸਮਾਗਮਾਂ ਨੂੰ ਸਮਰਪਿਤ ਇਕ ਵਿਸ਼ਾਲ ਨਗਰ ਕੀਰਤਨ ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ ਸਾਹਿਬ ਤੋਂ 22 ਨਵੰਬਰ ਨੂੰ ਆਰੰਭ ਹੋਇਆ ਸੀ । ਇਹ ਵਿਸ਼ਾਲ ਨਗਰ ਕੀਰਤਨ ਦਾ ਅਜ ਗੁਰਦੁਆਰਾ ਸ੍ਰੀ ਗੁਰਦੁਆਰਾ ਮਜਨੂੰ ਕਾ ਟਿੱਲਾ ਸਾਹਿਬ ਪਹੁੰਚਣ ਤੌਂ ਅਗਲੇ ਪੜਾਓ ਲਈ ਰਵਾਨਾ ਹੋਇਆ ਸੀ ਜੋ ਕਿ ,ਹੋਰਨਾਂ ਇਤਿਹਾਸਕ ਸਥਾਨਾਂ ਗੁਰਦੁਆਰਾ ਰਕਾਬ ਗੰਜ ਸਾਹਿਬ ਤੋਂ ਹੁੰਦਾ ਹੋਇਆ ਦਿੱਲੀ ਵਿਖੇ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਤੌ ਚੱਲਕੇ ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ ਸਮਾਪਤ ਹੋ ਗਿਆ ਸਮਾਪਤੀ ਵੇਲੇ ਗੁਰਦੁਆਰਾ ਸਾਹਿਬ ਦੇ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਰਾਤ ਦੇ ਦੀਵਾਨ ਸਜਾਏ ਜਾਣਗੇ। ਸ੍ਰੀ ਜਗਜੀਤ ਸਿੰਘ ਛੜਬੜ ਨੇ ਕਿਹਾ ਕਿ ਇਨ੍ਹਾਂ ਸਮਾਗਮਾਂ ਵਿਚ ਦੇਸ਼ ਭਰ ਦੀਆਂ ਸੰਗਤਾ ਹਿੱਸਾ ਲੈ ਰਹੀਆਂ ਹਨ ।ਇਸ ਵਿਸ਼ਾਲ ਸਮਾਗਮ ਦੌਰਾਨ ਸੰਤਾਂ ਮਹਾਂਪੁਰਸ਼ਾਂ, ਰਾਗੀਆਂ, ਢਾਡੀਆਂ ਅਤੇ ਕਥਾ ਵਾਚਕਾਂ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਅਤੇ ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੇ ਸ਼ਹੀਦੀ ਇਤਿਹਾਸ ਅਤੇ ਗੁਰਬਾਣੀ ਉਪਦੇਸ਼ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਜਾ ਰਿਹਾ ਹੈ ਅਤੇ ਵਿਸੇਸ਼ ਸਹਿਯੋਗ ਕਰਤਾਰ ਆਸਰਾ ਟਰੱਸਟ ਦੇ ਚੇਅਰਮੈਨ ਮਾਤਾ ਚਰਨ ਕਮਲ ਕੌਰ ਜੀ, ਆਲ ਇਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ ਭਾਈ ਕਰਨੈਲ ਸਿੰਘ ਪੀਰ ਮੁਹੰਮਦ, ਭਾਈ ਜਗਜੀਤ ਛੜਬੜ ਜਰਨਲ ਸਕੱਤਰ ਬਸਪਾ ਪੰਜਾਬ ਭਾਈ ਸ਼ਹੀਦੀ ਸਮਾਗਮਾਂ ਵਿਚ ਧਾਰਮਿਕ ਸ਼ਖਸੀਅਤਾਂ ਦੇ ਨਾਲ ਨਾਲ ਰਾਜਨੀਤਿਕ ਆਗੂਆਂ ਵਲੋਂ ਵੀ ਹਾਜ਼ਰੀ ਭਰੀ ਜਾਵੇਗੀ। ਭਾਈ ਤੇਜਸਵਰਪਰਤਾਪ ਸਿੰਘ ਨੇ ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਬੇਨਤੀ ਕੀਤੀ ਕਿ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਆਰੰਭ ਹੋਇਆ ਰਨਗਰ ਕੀਰਤਨ ਵਿਚ ਵੱਡੀ ਗਿਣਤੀ ਵਿਚ ਹਾਜ਼ਰੀ ਭਰ ਕੇ ਮਹਾਨ ਸ਼ਹੀਦਾਂ ਨੂੰ ਆਪਣੀ ਸਰਦਾਆ ਦੇ ਫੂਲ ਭੇਟ ਕਰਨ ਛੜਬੜ ਨੇ ਕਹਿਅ ਕੀ ਸੰਗਤਾਂ ਦੀ ਸਹੂਲਤ ਲਈ ਸੰਤ ਬਾਬਾ ਪ੍ਰਿਤਪਾਲ ਸਿੰਘ ਜੀ ਅਤੇ ਭਾਈ ਤੇਜੇਸ਼ਵਰ ਪ੍ਰਤਾਪ ਸਿੰਘ ਜੀ ਦੇ ਸਹਿਯੋਗ ਨਾਲ ਹਰ ਤਰ੍ਹਾਂ ਦੇ ਪ੍ਰਬੰਧ ਕੀਤੇ ਜਾ ਚੁੱਕੇ ਹਨ ਤਾਂ ਜੋ ਸਮਾਗਮਾਂ ਵਿਚ ਹਾਜ਼ਰੀ ਭਰਨ ਵਾਲੀ ਸੰਗਤ ਨੂੰ ਕਿਸੇ ਕਿਸਮ ਦੀ ਪ੍ਰਸ਼ਾਨੀ ਨਾ ਹੋਵੇ। ਇਸ ਮੌਕੇ ਸ੍ਰੀ ਸਤਪਾਲ ਜੈਨ ਸਾਬਕਾ ਮੈਂਬਰ ਪਾਰਲੀਮੈਂਟ ਚੰਡੀਗੜ੍ਹ ਹਰਭਜਨ ਸਿੰਘ ਕਨੇਡਾ, ਰਕੇਸ਼ ਕੁਮਾਰ ਸੋਮਨ ਬਾਬਾ ਸਰੂਪ ਸਿੰਘ ਸੰਤ ਸਰ ਬਾਬਾ ਗੁਰਮੇਲ ਸਿੰਘ ਲੰਗਰ ਵਾਲੇ ਬਾਬਾ ਭਾਈ ਦਲੀਪ ਸਿੰਘ ਭਾਈ ਚਰਨਜੀਤ ਸਿੰਘ ਬਲਕਾਰ ਸਿੰਘ ਢੇਲਪੁਰ ਵਾਲੇ ਟੀ8ਪੀ8 ਸਿੰਘ, ਐਡਵੋਕੇਟ ਤਰਲੋਕ ਸਿੰਘ, ਸੁਖਚੈਨ ਸਿੰਘ, ਹਰਭਿੰਦਰ ਸਿੰਘ, ਰਣਜੀਤ ਸਿੰਘ, ਪ੍ਰਦੀਪ ਸਿੰਘ, ਭਾਈ ਕੁਲਦੀਪ ਸਿੰਘ ਭਾਈ ਜਸਵੀਰ ਸਿੰਘ ਬੇਦੀ ਭਾਈ ਬਲਕਾਰ ਸਿੰਘ ਆਦਿ ਮੌਜੂਦ ਸਨ।

### ਦਿੱਲੀ ਕਮੇਟੀ ਅਤੇ ਦਿੱਲੀ ਸਰਕਾਰ ਵੱਲੋਂ ਲਾਲ ਕਿਲੇ ਤੇ ਕੀਤੇ 350ਸਾਲਾ ਸ਼ਹੀਦੀ ਸਮਾਗਮਾਂ ਵਿੱਚ

# ਜਥੇਦਾਰ ਦਾਦੂਵਾਲ ਨੇ ਕੀਤਾ ਸੰਗਤਾਂ ਨੂੰ ਸੰਬੋਧਨ



**ਨਵੀਂ ਦਿੱਲੀ, 27 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਧਰਮ ਹੇਤ ਜਬਰ ਜ਼ੁਲਮ ਦੇ ਖਿਲਾਫ਼ ਸਾਕਾ ਵਰਤਾਉਣ ਵਾਲੇ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦੁਰ ਜੀ ਮਹਾਰਾਜ ਭਾਈ ਮਤੀ ਦਾਸ ਭਾਈ ਸਤੀ ਦਾਸ ਭਾਈ ਦਿਆਲਾ ਜੀ ਦੀ 350ਸਾਲਾ ਸ਼ਹੀਦੀ ਅਰਧ ਸ਼ਤਾਬਦੀ ਨੂੰ ਸਮਰਪਿਤ ਵਿਸ਼ੇਸ਼ ਸਮਾਗਮ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਦਿੱਲੀ ਸਰਕਾਰ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸੀਸ ਗੰਜ ਸਾਹਿਬ ਚਾਂਦਨੀ ਚੌਂਕ ਦੇ ਸਾਹਮਣੇ ਲਾਲ ਕਿਲੇ ਦੇ ਖੁੱਲੇ ਮੈਦਾਨ ਵਿੱਚ ਬੜੀ ਸ਼ਰਧਾ ਪਿਆਰ ਉਤਸਾਹ ਤੇ ਚੜਦੀਕਲਾ ਨਾਲ 23 – 24 – 25 ਨਵੰਬਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੀ ਹਾਜ਼ਰ ਹਜ਼ੂਰੀ ਵਿੱਚ ਕਰਵਾਏ ਗਏ ਇਸ ਦੇ ਸਮੁੱਚੇ ਪ੍ਰਬੰਧ ਮੁੱਖ ਮੰਤਰੀ ਸ੍ਰੀ ਰੇਖਾ ਗੁਪਤਾ ਦਿੱਲੀ,ਕੈਬਨਿਟ ਮੰਤਰੀ ਸ.ਮਨਜਿੰਦਰ ਸਿੰਘ ਸਿਰਸਾ ਸਮੇਤ ਦਿੱਲੀ ਸਰਕਾਰ ਨੇ ਪੱਬਾਂ ਭਾਰ ਹੋ ਕਰੋੜਾ ਰੁਪਏ ਖਰਚ ਸੇਵਾ ਦੇ ਪ੍ਰਬੰਧ ਕੀਤੇ ਜਿਸ ਵਿੱਚ ਸਮੁੱਚੇ ਧਾਰਮਿਕ ਕਥਾ ਕੀਰਤਨ ਦੇ ਪ੍ਰਬੰਧ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਸ. ਹਰਮੀਤ ਸਿੰਘ ਕਾਲਕਾ,ਸ. ਜਗਦੀਪ ਸਿੰਘ ਕਾਹਲੋਂ ਜਰਨਲ ਸਕੱਤਰ,ਸ.ਜਸਪ੍ਰੀਤ ਸਿੰਘ ਕਰਮਸਰ ਚੇਅਰਮੈਨ ਧਰਮ ਪ੍ਰਚਾਰ ਸਮੇਤ ਸਮੁੱਚੀ ਕਮੇਟੀ ਨੇ ਦਿਨ ਰਾਤ ਇੱਕ ਕਰਕੇ ਕੀਤੇ ਦਿੱਲੀ ਕਮੇਟੀ ਤੇ ਦਿੱਲੀ ਸਰਕਾਰ ਦੇ ਉੱਦਮ ਉਤਸ਼ਾਹ ਸਦਕਾ ਇਹ ਪ੍ਰੋਗਰਾਮ ਯਾਦਗਾਰੀ ਹੋਰ ਨਿਬੜਿਆ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਭਾਵੇਂ ਪੂਰੇ ਸੰਸਾਰ ਵਿੱਚ ਸਿੱਖ ਜਥੇਬੰਦੀਆਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਸਰਕਾਰਾਂ ਵੱਲੋਂ 350ਸਾਲਾ ਸ਼ਹੀਦੀ ਸ਼ਤਾਬਦੀ ਦੇ ਸਮਾਗਮ ਵੱਡੇ ਪੱਧਰ ਤੇ ਕੀਤੇ ਗਏ ਹਨ ਜਿਨਾਂ ਦੀ ਸ਼ਲਾਘਾ ਕਰਨੀ ਬਣਦੀ ਹੈ ਪਰ ਦਿੱਲੀ ਕਮੇਟੀ ਅਤੇ ਦਿੱਲੀ ਸਰਕਾਰ ਵੱਲੋਂ ਲਾਲ ਕਿਲੇ ਦੇ ਖੁੱਲੇ ਮੈਦਾਨ ਵਿੱਚ ਕੀਤੇ ਗਏ ਸਮਾਗਮ ਸਭ ਤੋਂ ਸਫ਼ਲ ਸਮਾਗਮ ਹੋ ਨਿਬੜੇ ਇਸ ਵਿੱਚ ਪੰਥ ਪ੍ਰਸਿੱਧ ਰਾਗੀ ਢਾਡੀ ਕਥਾਵਾਚਕ ਪ੍ਰਚਾਰਕਾਂ ਨੇ ਸਿੱਖ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਸੰਤ ਕਸ਼ਮੀਰਾ ਸਿੰਘ ਜੀ ਕਾਰ ਸੇਵਾ ਭੂਰੀ ਵਾਲਿਆਂ ਸਮੇਤ ਕਈ ਸੰਸਥਾਵਾਂ ਵੱਲੋਂ ਗੁਰੂ ਕੇ ਲੰਗਰਾਂ ਦੇ ਵੱਡੇ ਪ੍ਰਬੰਧ ਕੀਤੇ ਗਏ ਲੱਖਾਂ ਦੀ ਤਾਦਾਦ ਵਿੱਚ ਪੁੱਜੀਆਂ ਸਿੱਖ ਸੰਗਤਾਂ ਨੂੰ ਜਥੇਦਾਰ ਦਾਦੂਵਾਲ ਜੀ ਨੇ ਵੀ ਸੰਬੋਧਨ ਕੀਤਾ ਅਤੇ ਗੁਰਬਾਣੀ ਗੁਰਇਤਿਹਾਸ ਤੋਂ ਜਾਣੂ ਕਰਾਇਆ ਜਥੇਦਾਰ ਦਾਦੂਵਾਲ ਜੀ ਨੇ ਦੱਸਿਆ ਕੇ ਇਸ ਸਮਾਗਮ ਵਿੱਚ ਭਾਰਤ ਦੀ ਰਾਸ਼ਟਰਪਤੀ ਸ੍ਰੀਮਤੀ ਦ੍ਰੋਪਦੀ ਮੁਰਮੂ,ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਸਮੇਤ ਕਈ ਵੱਡੇ ਨੇਤਾਵਾਂ ਵਲੋਂ ਨਿਮਾਣੇ ਸ਼ਰਧਾਲੂਆ ਵਾਂਗ ਗੁਰੂ ਅੱਗੇ ਨਤਮਸਤਕ ਹੋਣਾ ਕੀਤਾ ਇਨਾਂ ਸਮਾਗਮਾਂ ਵਿੱਚ ਸਿੱਖ ਸੰਪਰਦਾਵਾਂ ਟਕਸਾਲਾਂ ਨਿਹੰਗ ਸਿੰਘ ਜਥੇਬੰਦੀਆਂ ਦੇ ਮੁਖੀ ਮਹਾਂਪੁਰਸ਼ਾ ਤੋਂ ਇਲਾਵਾ ਡੇਰਾ ਬਿਆਸ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ,ਬਾਬਾ ਜਸਦੀਪ ਸਿੰਘ ਗਿੱਲ,ਬਾਬਾ ਉਦੇ ਸਿੰਘ ਮੁਖੀ ਨਾਮਧਾਰੀ ਸਿੱਖ ਸੰਪਰਦਾਇ ਨੇ ਵੀ ਗੁਰੂ ਸੰਗਤਾਂ ਨੂੰ ਨਤਮਸਤਕ ਹੋਣਾ ਕੀਤਾ ਜਥੇਦਾਰ ਦਾਦੂਵਾਲ ਜੀ ਨੇ ਦੱਸਿਆ ਕੇ ਦਿੱਲੀ ਕਮੇਟੀ ਅਤੇ ਦਿੱਲੀ ਸਰਕਾਰ ਦੇ ਆਪਸੀ ਤਾਲਮੇਲ ਨਾਲ 350ਸਾਲਾਂ ਸ਼ਹੀਦੀ ਸ਼ਤਾਬਦੀ ਸਮਾਗਮ ਪਹਿਲੇ ਨੰਬਰ ਤੇ ਬੇਮਿਸਾਲ ਹੋਣ ਨਿਬੜੇ ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕੇ ਦਿੱਲੀ ਸਰਕਾਰ ਦੀ ਇਨਾਂ ਸਮਾਗਮਾਂ ਵਿੱਚ ਵੱਡੀ ਸਮੂਲੀਅਤ ਦਿੱਲੀ ਸਰਕਾਰ ਵਿੱਚ ਕੈਬਨਿਟ ਮੰਤਰੀ ਮਨਜਿੰਦਰ ਸਿੰਘ ਸਿਰਸਾ ਦੀ ਸਿਆਸੀ ਸੂਝ ਬੂਝ ਦਾ ਨਤੀਜਾ ਸੀ।



### ਯੂਰੋਪੀਅਨ ਸਿੱਖਾਂ ਵਲੋਂ ਜਲੰਧਰ ਜਬਰਜਿਨਾਹ ਅਤੇ

# ਕਤਲ ਦੇ ਦੋਸ਼ੀ ਨੂੰ ਸਖ਼ਤ ਸਜ਼ਾ ਦੇਣ ਦੀ ਮੰਗ



**ਨਵੀਂ ਦਿੱਲੀ 27 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:- ਜਲੰਧਰ ਵਿਚ 13 ਸਾਲਾ ਬੱਚੀ ਨਾਲ ਕੀਤੇ ਗਏ ਕੁਕਰਮ ਉਪਰੰਤ ਕਤਲ ਦੀ ਬੈਲਜੀਅਮ ਦੇ ਯੂਰੋਪਿਅਨ ਸਿੱਖਾਂ ਵਲੋਂ ਸਖ਼ਤ ਨਿਖੇਧੀ ਕੀਤੀ ਗਈ ਹੈ ਤੇ ਉਨ੍ਹਾਂ ਵਲੋਂ ਇਸ ਲਈ ਦੋਸ਼ੀ ਨੂੰ ਕਾਨੂੰਨੀ ਪ੍ਰਕਿਰਿਆ ਹੇਠ ਫਾਸਟ ਕੋਰਟ ਰਾਹੀਂ ਸਖ਼ਤ ਸਜ਼ਾ ਐਲਾਨ ਕਰਣ ਦੀ ਮੰਗ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਸਤਿਗੁਰੂ ਦਾ ਸਿਖ ਕਦੇ ਅਨਿਆਂਕਾਰੀ, ਬਲਾਤਕਾਰੀ, ਕੁਕਰਮੀ ਦੇ ਹਕ ਵਿਚ ਨਹੀਂ ਹੁੰਦਾ ਤੇ ਉਹ ਇਸਦਾ ਵਿਰੋਧ ਕਰਦਾ ਹੈ। ਸਾਡੇ ਗੁਰੂ ਸਾਹਿਬਾਨ ਨੇ ਸਾਨੂੰ ਇਹ ਗੁੜਤੀ ਦਿਤੀ ਹੈ ਅਤੇ ਸਿਖਾਂ ਦਾ ਕਿਰਦਾਰ ਤੇ ਸੁਭਾਅ ਹੈ ਕਿ ਉਹਨਾਂ ਕਦੇ ਬਲਾਤਕਾਰੀ ਦੀ ਹਮਾਇਤ ਨਹੀਂ ਕੀਤੀ ਜਿਵੇਂ ਬਾਕੀ ਕੁਝ ਸਮਾਜਾਂ ਵਿਚ ਦੋਸ਼ੀਆ ਦੀ ਹਮਾਇਤ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਅੱਜ ਦੂਜੇ ਸਮਾਜ ਦੇ ਲੋਕ ਵਡੀਆਂ ਵਡੀਆਂ ਗੱਲਾਂ ਕਰ ਰਹੇ ਹਨ ਪਰ ਜਦੋ ਨਵੰਬਰ 1984 ਵਿਚ ਸਿੱਖ ਬੀਬੀਆਂ ਨਾਲ ਜਬਰਜਿਨਾਹ ਕੀਤਾ ਗਿਆ ਤਦ ਓਹ ਕਿਉਂ ਨਹੀਂ ਬੋਲੇ ਤਦ ਕਿਉਂ ਉਨ੍ਹਾਂ ਦੇ ਬੁਲ ਚੁੱਪ ਹੋ ਗਏ ਸਨ..? ਕਿਉਂ ਨਹੀਂ ਸਿੱਖ ਬੀਬੀਆਂ ਨੂੰ ਨਿਆਂ ਦਿਵਾਉਣ ਲਈ ਓਹ ਅੱਗੇ ਆਏ..? ਇਸ ਮੌਕੇ ਸ. ਬਿੰਦਰ ਸਿੰਘ, ਸ. ਜੋਗਾ ਸਿੰਘ, ਸ. ਸੁਰਿੰਦਰ ਸਿੰਘ, ਸ. ਜਸਵਿੰਦਰ ਸਿੰਘ, ਸ. ਸੰਨੀ ਸਿੰਘ, ਸ. ਮਲੂਕ ਸਿੰਘ, ਸ. ਕਰਮ ਸਿੰਘ ਸਮੇਤ ਵਡੀ ਗਿਣਤੀ ਵਿਚ ਸੰਗਤਾਂ ਹਾਜਿਰ ਸਨ।

# ਪ੍ਰਸ਼ਾਸਨ ਦੇ ਵਿਸ਼ਵਾਸ ਦੇ ਬਾਵਜੂਦ ਵੀ ਧਰਨਾ ਸਮਾਪਤ ਕਰਨ ਤੇ ਰਾਜ਼ੀ ਨਹੀਂ ਹੋਏ ਰਾਮਾਂ ਮੰਡੀ ਦੇ ਲੋਕ





**ਤਲਵੰਡੀ ਸਾਬੋ, 27 ਨਵੰਬਰ (ਗੁਰਜੰਟ ਸਿੰਘ ਨਥੇਹਾ)**-ਸੀਵਰੇਜ ਓਵਰਫਲੋ ਦੀ ਸਮੱਸਿਆ ਨਾਲ ਜੂਝ ਰਹੇ ਬਾਘਾ ਰੋਡ ਨਿਵਾਸੀਆਂ ਦੇ ਗਏ ਹੋਏ ਧਰਨੇ ਤੇ ਅੱਜ ਦੁਪਹਿਰ ਐਸਡੀਐਮ ਤਲਵੰਡੀ ਸਾਬੋ ਸ੍ਰੀ ਪੰਕਜ ਬਾਂਸਲ ਅਤੇ ਉਨਾਂ ਦੇ ਨਾਲ ਡੀਐਸਪੀ ਤਲਵੰਡੀ ਸਾਬੋ ਸਰਦਾਰ ਗੁਰਪ੍ਰੀਤ ਸਿੰਘ, ਥਾਣਾ ਇੰਚਾਰਜ ਸਭ ਇੰਸਪੈਕਟਰ ਬੇਅੰਤ ਸਿੰਘ ਰਾਮਾ ਮੰਡੀ ਵੀ ਮੌਜੂਦ ਰਹੇ। ਐਸਡੀਐਮ ਸ੍ਰੀ ਪੰਕਜ ਬਾਂਸਲ ਨੇ ਪ੍ਰਦਰਸ਼ਨ ਕਰ ਰਹੇ ਲੋਕਾਂ ਨੂੰ ਧਰਨਾ ਸਮਾਪਤ ਕਰਨ ਦੀ ਬੇਨਤੀ ਕੀਤੀ ਤੇ ਵਿਸ਼ਵਾਸ ਦਵਾਇਆ ਕਿ ਨਗਰ ਕੌਂਸਲ ਦੁਆਰਾ ਸੀਵਰੇਜ ਪਾਈਪਲਾਈਨ ਲਾਈ ਟੈਂਡਰ ਜਾਰੀ ਕੀਤੇ ਗਏ ਹਨ ਦਸੰਬਰ ਦੇ ਆਖਰੀ ਹਫਤੇ ਤੱਕ ਨਵੀਂ ਪਾਈਪ ਲਾਈਨ ਵਿਛਾਉਣ ਦਾ ਕੰਮ ਸ਼ੁਰੂ ਹੋ ਜਾਵੇਗਾ। ਜਿਸ ਦੇ ਨਾਲ ਸ਼ਹਿਰ ਵਾਸੀਆਂ ਨੂੰ ਇਸ ਸਮੱਸਿਆ ਤੋਂ ਨਿਜਾਤ ਮਿਲ ਜਾਵੇਗੀ। ਕਿ ਜਿਸ ਖੇਤਰ ਦੇ ਵਿੱਚ ਸੀਵਰੇਜ ਦਾ ਪਾਣੀ ਓਵਰਫਲੋ ਹੋ ਕੇ ਗਲੀਆਂ ਦੇ ਵਿੱਚ ਜਮਾ ਹੈ ਉਹ ਵੀ ਇੱਕ ਦੋ ਦਿਨ ਦੇ ਵਿੱਚ ਕਢਵਾ ਦਿੱਤਾ ਜਾਵੇਗਾ ਇਸ ਤੋਂ ਇਲਾਵਾ ਸੁਪਰ ਸੈਕਸ਼ਨ ਮਸ਼ੀਨਾਂ ਨਾਲ ਸੀਵਰੇਜ ਦੀ ਸਫਾਈ ਚੱਲ ਰਹੀ ਹੈ ਜੇਕਰ ਹੋਰ ਮਸ਼ੀਨਾਂ ਦੀ ਜ਼ਰੂਰਤ ਪਈ ਤਾਂ ਉਹ ਵੀ ਬਠਿੰਡਾ ਤੋਂ ਮੰਗਵਾ ਕੇ ਸ਼ਹਿਰ ਦੀ ਸਫਾਈ ਵਿੱਚ ਲਗਾ ਦਿੱਤੀਆਂ ਜਾਣਗੀਆਂ। ਇਸ ਤੋਂ ਇਲਾਵਾ ਐਸਡੀਐਮ ਸ਼੍ਰੀ ਪੰਕਜ ਕੁਮਾਰ ਅਤੇ ਡੀਐਸਪੀ ਤਲਵੰਡੀ ਸਾਬੋ ਗੁਰਪ੍ਰੀਤ ਸਿੰਘ ਨੇ ਰੇਲਵੇ ਲਾਈਨ ਦੇ ਨਾਲ ਲੱਗਦੇ ਖੇਤਰ ਦਾ ਮੌਕਾ ਦੇਖਿਆ ਅਤੇ ਬਸਤੀ ਦੀਆਂ ਗਲੀਆਂ ਦਾ ਪੈਦਲ ਦੌਰਾ ਕਰਕੇ ਹਾਲਾਤ ਦਾ ਜਾਇਜ਼ਾ ਲਿਆ। ਐਸਡੀਐਮ ਦੇ ਵਿਸ਼ਵਾਸ਼ ਦਿਵਾਉਣ ਤੋਂ ਬਾਅਦ ਵਜੂਦ ਵੀ ਲੋਕਾਂ ਨੇ ਧਰਨਾ ਸਮਾਪਤ ਨਹੀਂ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਪਹਿਲਾਂ ਵੀ ਅਧਿਕਾਰੀਆਂ ਦੁਆਰਾ ਕਈ ਵਾਰੀ ਵਿਸ਼ਵਾਸ ਦਿੱਤਾ ਗਿਆ ਸੀ ਪ੍ਰੰਤੂ ਚਾਰ ਸਾਲਾਂ ਤੋਂ ਸਮੱਸਿਆ ਜਿਉਂ ਦੀ ਤਿਉਂ ਬਣੀ ਹੋਈ ਹੈ। ਉਨਾਂ ਕਿਹਾ ਕਿ ਜਦੋਂ ਤੱਕ ਹਲਕਾ ਵਿਧਾਇਕਾ ਉਨਾਂ ਕੋਲੇ ਆ ਕੇ ਵਿਸ਼ਵਾਸ ਨਹੀਂ ਦਿੰਦੀ ਧਰਨਾ ਐਸੇ ਤਰ੍ਹਾਂ ਚੱਲਦਾ ਰਹੇਗਾ।

# ਪੀਯੂ ਸੈਨੇਟ ਚੋਣ ਸ਼ਿਡਿਊਲ ਨੂੰ ਮਨਜ਼ੂਰੀ ਦੇਣ ਲਈ ਉਪ ਰਾਸ਼ਟਰਪਤੀ ਦਾ ਧੰਨਵਾਦ: ਸਾਹਨੀ



**ਨਵੀਂ ਦਿੱਲੀ 27 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:–ਪੰਜਾਬ ਤੋਂ ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਕੱਲ੍ਹ ਨਵੀਂ ਦਿੱਲੀ ਵਿੱਚ ਭਾਰਤ ਦੇ ਉਪ ਰਾਸ਼ਟਰਪਤੀ ਅਤੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਚਾਂਸਲਰ ਸ਼੍ਰੀ ਸੀ.ਪੀ. ਰਾਧਾਕ੍ਰਿਸ਼ਨਨ ਨਾਲ ਮੁਲਾਕਾਤ ਕੀਤੀ ਅਤੇ ਸੈਨੇਟ ਚੋਣਾਂ ਦੇ ਸ਼ਿਡਿਊਲ ਨੂੰ ਮਨਜ਼ੂਰੀ ਦੇਣ ਲਈ ਉਨ੍ਹਾਂ ਦੇ ਦਖਲ ਦੀ ਬੇਨਤੀ ਕੀਤੀ। ਡਾ. ਸਾਹਨੀ ਨੇ ਪੰਜਾਬ ਯੂਨੀਵਰਸਿਟੀ ਸੈਨੇਟ ਦੀਆਂ ਚੋਣਾਂ ਦੇ ਸ਼ਿਡਿਊਲ ਨੂੰ ਮਨਜ਼ੂਰੀ ਦੇਣ ਲਈ ਉਪ ਰਾਸ਼ਟਰਪਤੀ ਦਾ ਧੰਨਵਾਦ ਕੀਤਾ।

# 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਭਾਈ ਰਵਿੰਦਰ ਸਿੰਘ ਯੂ.ਕੇ (ਲੀਡਜ਼) ਵਾਲਿਆਂ ਵਲੋਂ ਗਾਇਨ ਕੀਤਾ ਗਿਆ ਗੁਰਬਾਣੀ ਸ਼ਬਦ "ਰਾਮ ਸਿਉ ਕਰਿ ਪ੍ਰੀਤ" ਕੀਤਾ ਰਿਲੀਜ਼

**ਹੁਸ਼ਿਆਰਪੁਰ, 27 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਮਿਊਜ਼ਿਕ ਬੈਨਰ ਨੰਗਲ ਈਸ਼ਰ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ ਦੀ ਲਾਸਾਨੀ ਸ਼ਹਾਦਤ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਭਾਈ ਰਵਿੰਦਰ ਸਿੰਘ ਯੂ.ਕੇ (ਲੀਡਜ਼) ਵਾਲਿਆਂ ਵਲੋਂ ਗਾਇਨ ਕੀਤਾ ਗਿਆ ਗੁਰਬਾਣੀ ਸ਼ਬਦ "ਰਾਮ ਸਿਉ ਕਰਿ ਪ੍ਰੀਤ" ਗੁਰਦੁਆਰਾ ਸਿੰਘ ਸਭਾ ਪਿੰਡ ਬੂਰੇ ਜੱਟਾਂ ਵਿਖੇ ਗੁਰਸ਼ਬਦ ਪ੍ਰਕਾਸ਼ ਕੀਰਤਨ ਕੌਂਸਲ ਗੜ੍ਹਦੀਵਾਲਾ ਵਲੋਂ ਕਰਵਾਏ ਗਏ ਗੁਰਮਤਿ ਸਮਾਗਮ ਦੌਰਾਨ ਸ ਅਕਬਰ ਸਿੰਘ ਬੂਰੇ ਜੱਟਾਂ, ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਮਿਊਜ਼ਿਕ ਕੰਪਨੀ ਨੰਗਲ ਈਸ਼ਰ ਦੀ ਸਮੁੱਚੀ ਟੀਮ ਵਲੋਂ ਰਿਲੀਜ਼ ਕੀਤਾ ਗਿਆ। ਇਸ ਸਮੇਂ ਜਾਣਕਾਰੀ ਦਿੰਦਿਆਂ ਹਰਵਿੰਦਰ ਸਿੰਘ ਨੰਗਲ ਈਸ਼ਰ ਨੇ ਦੱਸਿਆ ਕਿ ਇਸ ਸ਼ਬਦ ਦੀ ਆਡੀਓ ਵਿਸ਼ਵ ਪੱਧਰ ਦੇ ਸਾਰੇ ਹੀ ਆਡੀਓ ਸਾਈਟ 'ਤੇ ਅਤੇ ਵੀਡੀਓ ਯੂਟਿਊਬ ਚੈਨਲ "ਨੰਗਲ ਈਸ਼ਰ" ਤੇ ਰਿਲੀਜ਼ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮਿਊਜ਼ਿਕ ਬੈਨਰ ਨੰਗਲ ਈਸ਼ਰ ਵਲੋਂ ਭਾਈ ਰਵਿੰਦਰ ਸਿੰਘ ਯੂ.ਕੇ ਲੀਡਜ਼ ਵਾਲਿਆਂ ਵਲੋਂ ਗਾਇਨ ਇਸ ਸ਼ਬਦ "ਰਾਮ ਸਿਉ ਕਰਿ ਪ੍ਰੀਤ" ਦੇ ਪੇਸ਼ ਕਰਤਾ ਜਪਨੀਤ ਕੌਰ ਨੰਗਲ ਈਸ਼ਰ ਹਨ, ਇਸ ਦੇ ਪ੍ਰੋਡਿਊਸਰ ਸ਼੍ਰੀਮਤੀ ਰਾਜਵਿੰਦਰ ਕੌਰ ਨੀਰੂ ਹਨ, ਇਸ ਦੇ ਸੰਗੀਤ ਅਤੇ ਵੀਡੀਓ ਸੰਨੀ ਸਟੂਡੀਓ ਫਗਵਾੜਾ ਵਲੋਂ ਤਿਆਰ ਕੀਤੀ ਗਈ ਹੈ ਅਤੇ ਇਸ ਦੇ ਪ੍ਰੋਜੈਕਟ ਮੈਨੇਜਰ ਸ਼੍ਰੀ ਨਰੇਸ਼ ਐੱਸ. ਗਰਗ ਹਨ। ਸਮਾਗਮ ਦੌਰਾਨ ਸਮੂਹ ਸੰਗਤਾਂ ਵਲੋਂ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ, ਸ੍ਰੀ ਰਹਿਰਾਸ ਸਾਹਿਬ ਦੇ ਪਾਠ ਉਪਰੰਤ ਭਾਈ ਸੁਖਵੀਰ ਸਿੰਘ ਗੜ੍ਹਦੀਵਾਲਾ, ਭਾਈ ਜਸਬੀਰ ਸਿੰਘ ਭਟੋਲੀਆਂ, ਭਾਈ ਦਲਜੀਤ ਸਿੰਘ ਕੰਧਾਲਾ, ਭਾਈ ਹਰਵਿੰਦਰ ਸਿੰਘ ਨੰਗਲ ਈਸ਼ਰ ਵਲੋਂ ਕਥਾ–ਕੀਰਤਨ ਰਾਂਹੀ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ। ਇਸ ਮੌਕੇ ਸਮੂਹ ਨਗਰ ਨਿਵਾਸੀ ਸੰਗਤਾਂ ਅਤੇ ਸਮੂਹ ਨੌਜਵਾਨ ਹਾਜ਼ਰ ਸਨ। ਸਮਾਗਮ ਦੀ ਸਮਾਪਤੀ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

### ਦਿਲੀ ਵਿਖੇ ਸ਼ਤਾਬਦੀ ਸਮਾਗਮਾਂ ਦੌਰਾਨ ਦਮਦਮੀ ਟਕਸਾਲ ਦੀਆਂ ਸੇਵਾਵਾਂ ਰਹੀਆਂ ਅਹਿਮ

# ਦਿਲੀ ਕਮੇਟੀ ਵਲੋਂ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦਾ ਵਿਸ਼ੇਸ਼ ਸਨਮਾਨ







**ਚੌਕ ਮਹਿਤਾ, 27 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਨੌਵੀਂ ਪਾਤਸ਼ਾਹੀ 'ਹਿੰਦ ਦੀ ਚਾਦਰ' ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਤੇ ਭਾਈ ਮਤੀ ਦਾਸ ਜੀ,ਭਾਈ ਸਤੀ ਦਾਸ ਜੀ ,ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਤੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਦੀ 350 ਸਾਲਾ ਗੁਰਤਾ ਗੱਦੀ ਸ਼ਤਾਬਦੀ ਨੂੰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਗੁਰਦੁਆਰਾ ਸੀਸ ਗੰਜ ਸਾਹਿਬ ਦਿੱਲੀ ਵਿਖੇ ਵਿਸ਼ਾਲ ਪੱਧਰ 'ਤੇ ਮਨਾਇਆ ਗਿਆ,ਜਿਸ ਦੌਰਾਨ ਕਰਾਏ ਗਏ ਸ਼ਤਾਬਦੀ ਸਮਾਗਮਾਂ 'ਚ ਦਮਦਮੀ ਟਕਸਾਲ ਵਲੋਂ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਮੁਖੀ ਦਮਦਮੀ ਟਕਸਾਲ ਦੀ ਅਗਵਾਈ ਹੇਠ ਦਮਦਮੀ ਟਕਸਾਲ ਵੱਲੋਂ ਸਮਾਗਮਾਂ ਅੰਦਰ ਅਹਿਮ ਸੇਵਾਵਾਂ ਨਿਭਾਈਆ ਗਈਆਂ ।ਦਿੱਲੀ ਕਮੇਟੀ ਵੱਲੋਂ ਵਿਸ਼ੇਸ਼ ਸੱਦੇ 'ਤੇ ਇੰਨ੍ਹਾਂ ਸ਼ਤਾਬਦੀ ਸਮਾਗਮਾਂ 'ਚ ਸ਼ਾਮਿਲ ਹੋਏ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਆਰੰਭਤਾ ਤੋਂ ਸੰਪੂਰਨਤਾ ਤੱਕ ਆਪਣੀ ਹਾਜ਼ਰੀ ਬਣਾ ਕੇ ਰੱਖੀ ਤੇ ਸ਼ਤਾਬਦੀ ਸਮਾਗਮਾਂ ਦੀ ਪੂਰਨ ਕਾਮਯਾਬੀ ਲਈ ਦਿੱਲੀ ਕਮੇਟੀ ਦਾ ਹਰ ਪੱਖੋਂ ਆਪਣਾ ਸਹਿਯੋਗ ਦਿੱਤਾ। ਦਿੱਲੀ ਕਮੇਟੀ ਵੱਲੋਂ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੂੰ ਵਿਸ਼ੇਸ਼ ਸੇਵਾਵਾਂ ਸੌਂਪੀਆਂ ਗਈਆਂ ,ਜਿਸ ਦੇ ਚੱਲਦਿਆਂ ਉਨ੍ਹਾਂ ਨੇ ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ 21 ਤੋਂ 24 ਨਵੰਬਰ ਤੱਕ ਦੁਪਹਿਰ 3 ਤੋਂ ਲੈ ਕੇ 4 ਵਜੇ ਤੱਕ ਗੁਰ ਇਤਿਹਾਸ ਦੀ ਲੜੀਵਾਰ ਕਥਾ ਕੀਤੇ ਜਾਣ ਤੋ ਇਲਾਵਾ 24 ਤੇ 25 ਨਵੰਬਰ ਨੂੰ ਲਾਲ ਕਿਲ੍ਹੇ ਵਿਖੇ ਹੋਏ ਵਿਸ਼ਾਲ ਸਮਾਗਮਾਂ ਅੰਦਰ ਵੀ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ ।ਇਸਦੇ ਨਾਲ ਹੀ ਸ਼ਹੀਦੀ ਦਿਵਸ ਮੌਕੇ 25 ਨਵੰਬਰ ਨੂੰ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਪੀਲ 'ਤੇ ਲੱਖਾਂ ਦੀ ਗਿਣਤੀ 'ਚ ਹਾਜ਼ਰ ਸੰਗਤਾਂ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਮੇਂ 12 ਤੋਂ 12.30 ਵਜੇ ਤੱਕ ਸੰਗਤੀ ਰੂਪ 'ਚ ਜਪੁਜੀ ਸਾਹਿਬ ਦੇ ਪਾਠ ਕੀਤੇ ਅਤੇ ਉਪਰੰਤ 12.30 ਤੋਂ 2.30 ਵਜੇ ਤੱਕ ਗੁਰੂ ਸਾਹਿਬ ਦੇ ਸ਼ਹੀਦੀ ਪ੍ਰਸੰਗ ਦੀ ਕਥਾ ਕੀਤੀ। ਦਮਦਮੀ ਟਕਸਾਲ ਵੱਲੋਂ ਸ਼ਤਾਬਦੀ ਸਮਾਗਮਾਂ ਦੌਰਾਨ ਨਿਭਾਈਆਂ ਗਈਆਂ ਵਢਮੁੱਲੀਆਂ ਸੇਵਾਵਾਂ ਲਈ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ,ਜਰਨਲ ਸਕੱਤਰ ਜਗਦੀਪ ਸਿੰਘ ਕਾਹਲੋਂ ਤੇ ਚੇਅਰਮੈਨ ਧਰਮ ਪ੍ਰਚਾਰ ਕਮੇਟੀ ਜਸਪ੍ਰੀਤ ਸਿੰਘ ਕਰਮਸਾਰ ਨੇ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦਾ ਵਿਸ਼ੇਸ਼ ਸਨਮਾਨ ਕਰਦੇ ਹੋਏ ਕਿਹਾ ਕਿ ਦਮਦਮੀ ਟਕਸਾਲ ਦੀ ਪੰਥਕ ਕਾਰਜਾਂ 'ਚ ਹਰ ਸਮੇਂ ਸਕਾਰਤਮਕ ਤੇ ਮਹੱਤਵਪੂਰਨ ਭੂਮਿਕਾ ਰਹੀ ਹੈ ਤੇ ਨਿਰਸਵਾਰਥ ਹੋ ਕੇ ਆਪਣੀ ਸੇਵਾਵਾਂ ਦਿੱਤੀਆ ਹਨ ।ਉਨ੍ਹਾਂ ਕਿਹਾ ਕਿ ਦੇਸ਼-ਵਿਦੇਸ਼ ਅੰਦਰ ਧਰਮ ਦੇ ਪ੍ਰਸਾਰ ਤੇ ਪ੍ਰਚਾਰ ਦੇ ਨਾਲ ਨਾਲ ਪੰਥ ਪ੍ਰਤੀ ਸੇਵਾਵਾਂ ਦੇਣ 'ਚ ਦਮਦਮੀ ਟਕਸਾਲ ਦਾ ਰੋਲ ਹਮੇਸ਼ਾ ਸ਼ਲਾਘਾਯੋਗ ਰਿਹਾ ਹੈ। ਇੰਨ੍ਹਾਂ ਸ਼ਤਾਬਦੀ ਸਮਾਗਮਾਂ ਦੌਰਾਨ ਦਮਦਮੀ ਟਕਸਾਲ ਵੱਲੋਂ ਗੁਰਦੁਆਰਾ ਸੀਸ ਗੰਜ ਸਾਹਿਬ ਦੇ ਮੁੱਖ ਲੰਗਰ ਹਾਲ ਅੰਦਰ ਲਗਾਤਾਰ ਪੰਜ ਰੋਜ਼ ਦੇਸੀ ਘਿਉ ਦੇ ਲੰਗਰਾਂ ਦੀ ਸੇਵਾ ਨਿਭਾਈ ਗਈ,ਜਦਕਿ 26 ਨਵੰਬਰ ਨੂੰ ਗੁਰਦੁਆਰਾ ਰਕਾਬਗੰਜ਼ ਸਾਹਿਬ ਵਿਖੇ ਸ਼ਤਾਬਦੀ ਸਮਾਗਮ ਦੌਰਾਨ ਲੰਗਰ ਲਗਾਏ ਗਏ ।ਦਮਦਮੀ ਟਕਸਾਲ ਵੱਲੋਂ ਚਲਾਏ ਗਏ ਇੰਨ੍ਹਾਂ ਲੰਗਰਾਂ ਅੰਦਰ ਦਿੱਲੀ ਦੀਆਂ ਬੇਅੰਤ ਸੰਗਤਾਂ ਨੇ ਪੂਰੇ ਤਨ-ਮਨ ਨਾਲ ਸੇਵਾ ਨਿਭਾਈਗਈ ।ਇਸ ਮੌਕੇ ਗਿਆਨੀ ਪਿੰਦਰਪਾਲ ਸਿੰਘ ਤੇ ਸੰਤ ਬਾਬਾ ਹਰੀ ਸਿੰਘ ਰੰਧਾਵੇ ਵਾਲੇ ਆਦਿ ਪੰਥਕ ਸ਼ਖ਼ਸ਼ੀਅਤਾਂ ਤੋਂ ਇਲਾਵਾ ਭਾਈ ਨਰਿੰਦਰ ਸਿੰਘ ਕੈਨੇਡਾ ਵਾਲੇ ,ਗਿਆਨੀ ਗੁਰਦੀਪ ਸਿੰਘ ਜੀ ਇੰਗਲੈਂਡ ਵਾਲੇ ,ਭਾਈ ਪਰਵਿੰਦਰ ਸਿੰਘ ਅਮਰੀਕਾ ,ਭਾਈ ਅਮਨਦੀਪ ਸਿੰਘ ਸਮੈਦਕ ,ਭਾਈ ਦਇਆ ਸਿੰਘ ਬਰਮਿੰਗਮ ਆਦਿ ਨੇ ਵੀ ਲੰਗਰਾਂ 'ਚ ਹਾਜ਼ਰੀ ਭਰੀ।



ਆਵਾਜ਼ਿ ਕੌਮ AWAZE QAUM International Newspaper & WEB TV

# ਸਹਿਜ ਪਾਠ ਨਾਲ ਜੁੜਨ ਵਾਲੀ ਸੰਗਤ ਵਧਾਈ ਦੀ ਪਾਤਰ: ਕਰਮਸਰ



**ਨਵੀਂ ਦਿੱਲੀ, 27 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਧਰਮ ਪ੍ਰਚਾਰ ਮੁਖੀ ਜਸਪ੍ਰੀਤ ਸਿੰਘ ਕਰਮਸਰ ਨੇ ਗੁਰੂ ਤੇਗ ਬਹਾਦੁਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਕਰਕੇ ਸਹਿਜ ਪਾਠ ਨਾਲ ਜੁੜਨ ਦੀ ਅਪੀਲ ਸੰਗਤ ਨੂੰ ਕੀਤੀ ਸੀ। ਉਨ੍ਹਾਂ ਨੂੰ ਇਸ ਗੱਲ ਦੀ ਖ਼ੁਸ਼ੀ ਹੈ ਕਿ ਧਰਮ ਪ੍ਰਚਾਰ ਕਮੇਟੀ ਦੀ ਅਪੀਲ 'ਤੇ ਸਿਰਫ਼ ਦੇਸ਼ ਨਹੀਂ ਸਗੋਂ ਵਿਦੇਸ਼ਾਂ ਤੋਂ ਵੀ ਸੰਗਤ ਵੱਡੀ ਗਿਣਤੀ ਵਿੱਚ ਸਹਿਜ ਪਾਠ ਨਾਲ ਜੁੜੀ। 25 ਨਵੰਬਰ ਨੂੰ ਇੱਕ ਲੱਖ ਤੋਂ ਵੱਧ ਸੰਗਤ ਨੇ ਇਕੱਠੇ ਸਲੋਕ ਮਹੱਲਾ 9 ਦੀ ਬਾਣੀ ਦਾ ਉਚਾਰਣ ਕਰਦੇ ਹੋਏ ਸਹਿਜ ਪਾਠ ਦੀ ਸੰਪੂਰਨਤਾ ਕੀਤੀ, ਜੋ ਆਪਣੇ ਆਪ ਵਿੱਚ ਇੱਕ ਪ੍ਰਸ਼ੰਸ਼ਨੀਯ ਮਿਸਾਲ ਬਣ ਗਈ। ਸ੍ਰੀ ਜਸਪ੍ਰੀਤ ਸਿੰਘ ਕਰਮਸਰ ਨੇ ਦੱਸਿਆ ਕਿ ਲਗਭਗ 8 ਮਹੀਨੇ ਪਹਿਲਾਂ ਗੁਰਦੁਆਰਾ ਰਕਾਬਗੰਜ ਸਾਹਿਬ ਦੇ ਲੱਖੀਸ਼ਾਹ ਵੰਜਾਰਾ ਹਾਲ ਤੋਂ ਸਹਿਜ ਪਾਠ ਦੀ ਸ਼ੁਰੂਆਤ ਕੀਤੀ ਗਈ ਸੀ ਅਤੇ ਸੰਗਤ ਨੂੰ ਇਸ ਨਾਲ ਜੁੜਨ ਦੀ ਅਪੀਲ ਕੀਤੀ ਗਈ ਸੀ। ਧਰਮ ਪ੍ਰਚਾਰ ਕਮੇਟੀ ਵੱਲੋਂ ਜਿਨ੍ਹਾਂ ਸੰਗਤਾਂ ਦੀ ਮੰਗ ਆਈ, ਉਨ੍ਹਾਂ ਨੂੰ ਗੁਰੂ ਗ੍ਰੰਥ ਸਾਹਿਬ ਦੀਆਂ ਪੋਥੀਆਂ ਵੀ ਪ੍ਰਦਾਨ ਕੀਤੀਆਂ ਗਈਆਂ। ਬਹੁਤ ਸਾਰੀਆਂ ਸੰਗਤਾਂ ਕੋਲ ਪਹਿਲਾਂ ਹੀ ਗੁਰੂ ਗ੍ਰੰਥ ਸਾਹਿਬ ਦੇ ਸਰੂਪ ਅਤੇ ਪੋਥੀਆਂ ਮੌਜੂਦ ਸਨ, ਉਹ ਆਪਣੇ ਘਰਾਂ ਤੋਂ ਹੀ ਸਹਿਜ ਪਾਠ ਨਾਲ ਜੁੜ ਗਏ। ਜਦੋਂ 25 ਨਵੰਬਰ ਨੂੰ ਲਾਲ ਕਿਲਾ ਮੈਦਾਨ ਵਿੱਚ ਸਹਿਜ ਪਾਠ ਦੀ ਸੰਪੂਰਨਤਾ ਹੋਈ, ਤਾਂ ਹਾਲ ਪੂਰੀ ਤਰ੍ਹਾਂ ਭਰਿਆ ਹੋਇਆ ਸੀ ਅਤੇ ਜਿੱਧਰ ਤੱਕ ਨਜ਼ਰ ਜਾ ਰਹੀ ਸੀ, ਉੱਥੇ ਸੰਗਤ ਸਲੋਕ ਮਹੱਲਾ 9 ਦੀ ਬਾਣੀ ਪੜ੍ਹਦੇ ਹੋਏ ਪਾਠ ਦੀ ਸੰਪੂਰਨਤਾ ਕਰਦੀ ਦਿਖ ਰਹੀ ਸੀ। ਹਜ਼ਾਰਾਂ ਸੰਗਤਾਂ ਨੇ ਆਪਣੇ ਘਰਾਂ ਤੋਂ ਵੀ ਪਾਠ ਪੂਰਾ ਕੀਤਾ। ਕੁੱਲ ਮਿਲਾ ਕੇ ਅੰਦਾਜ਼ਾ ਹੈ ਕਿ ਇੱਕ ਲੱਖ ਤੋਂ ਵੱਧ ਸੰਗਤ ਨੇ ਇਸ ਸੇਵਾ ਵਿੱਚ ਹਿੱਸਾ ਪਾਇਆ। ਉਨ੍ਹਾਂ ਦੱਸਿਆ ਕਿ ਦਿੱਲੀ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ, ਉਨ੍ਹਾਂ ਦੀ ਧਰਮ ਪਤਨੀ, ਜਗਦੀਪ ਸਿੰਘ ਕਾਹਲੋਂ ਸਮੇਤ ਕਈ ਕਮੇਟੀ ਮੈਂਬਰ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰ ਵੀ ਸਹਿਜ ਪਾਠ ਨਾਲ ਜੁੜੇ। ਖਾਸ ਤੌਰ 'ਤੇ ਨੌਜਵਾਨ ਵੱਡੀ ਗਿਣਤੀ ਵਿੱਚ ਜੁੜੇ, ਜਿਸ ਨਾਲ ਸਾਬਤ ਹੁੰਦਾ ਹੈ ਕਿ ਧਰਮ ਪ੍ਰਚਾਰ ਕਮੇਟੀ ਦੀ ਮੁਹਿੰਮ ਪੂਰੀ ਤਰ੍ਹਾਂ ਸਫਲ ਰਹੀ। ਸ੍ਰੀ ਜਸਪ੍ਰੀਤ ਸਿੰਘ ਕਰਮਸਰ ਨੇ ਸੰਗਤ ਨੂੰ ਅਪੀਲ ਕੀਤੀ ਕਿ ਆਪ ਵੀ ਅਤੇ ਆਪਣੇ ਬੱਚਿਆਂ ਨੂੰ ਵੀ ਅੱਗੇ ਵੀ ਸਹਿਜ ਪਾਠ ਨਾਲ ਜੁੜਿਆ ਰੱਖੋ, ਕਿਉਂਕਿ ਹਰ ਗੁਰਸਿੱਖ ਨੂੰ ਆਪਣੇ ਜੀਵਨ ਵਿੱਚ ਘੱਟੋ-ਘੱਟ ਇੱਕ ਵਾਰ ਸਹਿਜ ਪਾਠ ਜ਼ਰੂਰ ਕਰਨਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਝੂਲਦੇ ਨਿਸ਼ਾਨ ਰਹਿੰ ਪੰਥ ਮਹਾਰਾਜ ਦੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਸੱਥ, ਲੀਡਰਸ਼ਿਪ ਦੀ ਹੋਈ ਬੇਮਿਸਾਲ ਜਿੱਤ : ਇਕਬਾਲ ਸਿੰਘ ਤੁੰਗ



**ਅੰਮ੍ਰਿਤਸਰ, 27 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਆਖੀਰ ਪੰਜਾਬ ਪੰਜਾਬੀਅਤ ਨੌਜਵਾਨ ਵਰਗ ਪੰਜਾਬ ਯੂਨੀਵਰਸਿਟੀ ਦੀ ਸੱਥ ਲੀਡਰਸ਼ਿਪ ਦੇ ਅੱਗੇ ਕੇਂਦਰ ਸਰਕਾਰ ਦੀਆ ਬਦਨੀਤੀਆ ਨੂੰ ਗੋਡੀਆਂ ਟੇਕਣੀਆਂ ਹੀ ਪਈਆਂ ਪੰਜਾਬ ਚੰਡੀਗੜ੍ਹ ਦੀ ਯੂਨੀਵਰਸਿਟੀ ਸੈਨਟ ਦੀਆ ਚੋਣਾ ਦਾ ਐਲਾਨ ਵਿਦਿਆਰਥੀ, ਵਿਦਿਆਰਥਣਾ,ਦੇ ਆਰੰਭ ਸ਼ਘਰਸ਼ ਦੀ ਪੰਜਾਬ ਪੰਜਾਬੀਅਤ ਲਈ ਵੱਡੀਆ ਜਿੱਤਾ ਵਿੱਚ ਸ਼ਾਮਲ ਹੋ ਗਈ ਹੈ ਜੋ ਕਿਸਾਨ ਸੰਘਰਸ਼ ਦੀ ਤਰਾ ਇਤਿਹਾਸ ਦੇ ਸੁਨਿਹਰੀ ਪੰਨੇਆ ਤੇ ਸੁਨਿਹਰੀ ਅਖਰਾ ਵਿੱਚ ਦਰਜ ਰਹੇਗੀ ਇਕਬਾਲ ਸਿੰਘ ਤੁੰਗ ਨੇ ਜਾਰੀ ਬਿਆਨ ਵਿੱਚ ਆਖਿਆ ਕੇ ਕੇਂਦਰ ਦੀ ਭਾਜਪਾਈ ਸਰਕਾਰ ਨੂੰ ਪੰਜਾਬ ਪੰਜਾਬੀਅਤ ਦੇ ਕਿਸੇ ਵੀ ਤਰਾ ਦੇ ਹੱਕਾ ਨੂੰ ਖੋਹਣ ਲਈ ਸੁਪਨੇ ਵਿੱਚ ਵੀ ਭੁਲ ਨਹੀ ਕਰਨੀ ਚਾਹੀਦੀ ਕਿਸਾਨ ਸੰਘਰਸ਼ ਦੀ ਜਿੱਤ ਅਤੇ ਅੱਜ ਫੇਰ ਮਿੱਤੀ 27-11-2025 ਬੇਮਿਸਾਲ ਜਿੱਤ ਤੋ ਪੰਜਾਬ ਪੰਜਾਬੀਅਤ ਪ੍ਰਤੀ ਕੁੱਝ ਵੀ ਬੁਰਾ ਸੋਚਣ ਦੀ ਜੁਰਅਤ ਨਹੀ ਕਰਨੀ ਚਾਹੀਦੀ ਪੰਜਾਬ ਯੂਨੀਵਰਸਿਟੀ ਸੱਥ ਲੀਡਰਸ਼ਿਪ, ਪੰਜਾਬ ਪੰਜਾਬੀਅਤ ਜਿੱਤ ਦਰਜ ਕਰਨ ਲਈ ਜਿੰਦਾਬਾਦ ਭਾਜਪਾਈ ਕੇਂਦਰ ਸਰਕਾਰ ਮੁਰਦਾਬਾਦ, ਇਕਬਾਲ ਸਿੰਘ ਤੁੰਗ ਸਾਬਕਾ ਨਿੱਜੀ ਸਕਤਰ ਜਥੇਦਾਰ ਅਕਾਲ ਤਖਤ ਸਾਹਿਬ ਅੰਮ੍ਰਿਤਸਰ ਸਾਹਿਬ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਗੁਰਦੁਆਰਾ ਜੋਤੀਸਰ ਸਾਹਿਬ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ

# 350 ਸਾਲਾ ਸ਼ਤਾਬਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ ਗਿਆ



**ਜੰਡਿਆਲਾ ਗੁਰੂ, 27 ਨਵੰਬਰ ( ਕੁਲਵੰਤ ਸਿੰਘ ਵਿਰਦੀ )**-ਤਿਲਕ ਜੰਞੂ ਰਾਖਾ ਪ੍ਰਭ ਤਾ ਕਾ ॥ ਕੀਨੋ ਬਡੋ ਕਲੂ ਮਹਿ ਸਾਕਾ ॥ ਧਰਮ ਹੇਤ ਸਾਕਾ ਜਿਨਿ ਕੀਆ ॥ ਸੀਸੁ ਦੀਆ ਪਰ ਸਿਰੁ ਨ ਦੀਆ ॥ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਰਿਸਟ ਦੀ ਚਾਦਰ ਜੀ ,ਭਾਈ ਮਤੀ ਦਾਸ ਜੀ,ਭਾਈ ਸਤੀ ਦਾਸ ਜੀ ,ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਅਤੇ ਧੰਨ ਧੰਨ ਬਾਬਾ ਜੀਵਨ ਸਿੰਘ ਜੀ ਦੀ ਕੁਰਬਾਨੀ ਨੂੰ ਸਮਰਪਿਤ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਸਾਹਿਬ ਜੰਡਿਆਲਾ ਗੁਰੂ ਵਿਖੇ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸਿਮਲਾ ਹਿਮਾਚਲ ਪ੍ਰਦੇਸ਼ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਵੱਲੋਂ ਦੇਸ ਵਿਦੇਸ ਵਿੱਚ ਵੱਸਦੀਆਂ ਸਮੂਹ ਸੰਗਤਾਂ ਜੋਤੀਸਰ ਕਲੋਨੀ ਦੀਆਂ ਸੰਗਤਾਂ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਸਦਕਾ ਗੁਰਮਤਿ ਸਮਾਗਮ ਕਰਵਾਇਆ ਗਿਆ ! ਇਨਾਂ ਸਮਾਗਮਾਂ ਨੂੰ ਸਮਰਪਿਤ ਸੰਗਤਾਂ ਵੱਲੋਂ ਸਵਾ ਮਹੀਨੇ ਤੋਂ ਹਰ ਰੋਜ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਗਏ ਜਿਨਾਂ ਦੇ ਭੋਗ ਬੀਤੇ ਦਿਨ ਪਾਏ ਗਏ ਅਤੇ ਉਪਰੰਤ ਆਰੰਭ ਕੀਤੇ ਗਏ ਸਹਿਜ ਪਾਠ ਜੀ ਦੇ ਭੋਗ ਪਾਏ ਗਏ ਉਪਰੰਤ ਰਾਗੀ ਸਿੰਘਾਂ ਨੇ ਅਤੇ ਬੀਬੀਆਂ ਦੇ ਜਥੇ ਵੱਲੋਂ ਧੁਰ ਕੀ ਬਾਣੀ ਇਲਾਹੀ ਬਾਣੀ ਦੇ ਕੀਰਤਨ ਸਬਦ ਸਰਵਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਅਤੇ ਉਪਰੰਤ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ ਅਤੇ ਹੁਕਮਨਾਮੇ ਤੋਂ ਉਪਰੰਤ ਸ਼੍ਰੋਮਣੀ ਪ੍ਰਚਾਰਕ ਗਿਆਨੀ ਮਨਦੀਪ ਸਿੰਘ ਸਚਖੰਡ ਸ੍ਰੀ ਦਰਬਾਰ ਸਾਹਿਬ ਵਾਲਿਆਂ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ,ਭਾਈ ਮਤੀ ਦਾਸ ਜੀ ,ਭਾਈ ਸਤੀ ਦਾਸ ਜੀ,ਭਾਈ ਦਿਆਲਾ ਜੀ ਦੀ ਸਹਾਦਤ ਬਾਰੇ ਅਤੇ ਬਾਬਾ ਜੀਵਨ ਸਿੰਘ ਜੀ ਦੀ ਕੁਰਬਾਨੀ ਬਾਰੇ ਸਾਂਝ ਪਾਉਂਦਿਆਂ ਹੋਇਆਂ ਗੁਰ ਇਤਿਹਾਸ ਰਾਹੀਂ ਸੰਗਤਾਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਆਪਣੀ ਸਹਾਦਤ ਕਿਉਂ ਦਿੱਤੀ ਅਤੇ ਸੰਗਤਾਂ ਨੂੰ ਸ਼ਤਾਬਦੀ ਨੂੰ ਸਮਰਪਿਤ ਚੱਲ ਰਹੇ ਸਮਾਗਮਾਂ ਚ ਆਪਣੀਆਂ ਹਾਜਰੀਆਂ ਲਗਾ ਕਿ ਆਪਣੇ ਬੱਚਿਆਂ ਨੂੰ ਗੁਰੂ ਸਾਹਿਬ ਜੀ ਦੇ ਹੁਕਮ ਕਿਰਤ ਕਰੋ ਵੰਡ ਛਕੋ ਅਤੇ ਬਾਣੀ ਬਾਣੇ ਦੇ ਧਾਰਨੀ ਹੋਣ ਲਈ ਪ੍ਰੇਰਿਤ ਕੀਤਾ ! ਅਤੇ ਸਮਾਗਮ ਦੀ ਸਮਾਪਤੀ ਉਪਰੰਤ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤ ਗਈ ਅਤੇ ਆਈਆਂ ਸਮੂਹ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਲੰਗਰ ਛਕਾਏ ਗਏ ! ਇਸ ਮੌਕੇ ਬਾਬਾ ਸੁੱਖਾ ਸਿੰਘ ਜੀ ਨੂੰ ਸੰਗਤਾਂ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਤਸਵੀਰ ਦੇ ਕਿ ਅਤੇ ਸਿਰਪਾਓ ਪਾ ਕਿ ਸਤਿਕਾਰ ਦਿੱਤਾ ਗਿਆ ! ਇਸ ਮੌਕੇ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਦੁਨੀਆਂ ਭਰ ਦੇ ਇਤਿਹਾਸ ਵਿੱਚ ਇਕ ਹੀ ਸ਼ਹਾਦਤ ਹੈ ਜੋ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਸਰਿਸਟ ਦੀ ਚਾਦਰ ਬਣ ਕਿ ਸਹਾਦਤ ਦੇਣ ਤੋਂ ਬਾਅਦ ਉਨਾਂ ਦੇ ਸਰੀਰ ਦਾ ਸਸਕਾਰ ਦੋ ਜਗ੍ਹਾ ਤੇ ਹੋਇਆ ਹੈ ਜੋ ਸਭ ਤੋਂ ਵੱਡੀ ਕੁਰਬਾਨੀ ਜੋ ਪੂਰੀ ਸ੍ਰਿਸ਼ਟੀ ਤੇ ਵੱਸਦੇ ਲੋਕਾਂ ਨੂੰ ਸੁਨੇਹਾ ਦਿੰਦੀ ਹੈ ਕਿ ਗੁਰੂ ਸਾਹਿਬ ਜੀ ਤੇ ਉਸ ਪੂਰੇ ਗੁਰੂ ਦੇ ਸਿੱਖ ਆਪਣਾ ਆਪ ਤਾਂ ਕੁਰਬਾਨ ਕਰ ਦੇਣਗੇ ਪਰ ਜੁਲਮ ਤੇ ਜਾਲਮ ਦੀ ਈਨ ਨਹੀਂ ਮੰਨਣਗੇ ! ਇਸ ਲਈ ਸਾਨੂੰ ਸਭ ਨੂੰ ਸ੍ਰੀ ਗ੍ਰੰਥ ਸਾਹਿਬ ਜੀ ਦੀ ਬਾਣੀ ਪੜ੍ਹ ਕਿ ਅਤੇ ਪੂਰੇ ਗੁਰੂ ਦੇ ਲੜ੍ਹ ਲੱਗ ਕਿ ਆਪਣੇ ਜੀਵਨ ਨੂੰ ਸਫ਼ਲ ਬਣਾਉਣਾ ਚਾਹੀਦਾ ਹੈ ! ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਪਾਠਾਂ ਦੀਆਂ ਸੇਵਾਵਾਂ ਨਿਭਾ ਰਹੀਆਂ ਬੀਬੀਆਂ ਅਤੇ ਆਦਿ ਸੰਗਤਾਂ ਨੂੰ ਸਿਰਪਾਓ ਪਾ ਕਿ ਸਨਮਾਨਿਤ ਕੀਤਾ ਗਿਆ ਅਤੇ ਆਖਿਰ ਵਿੱਚ ਬਾਬਾ ਸੁੱਖਾ ਸਿੰਘ ਜੀ ਵੱਲੋਂ ਸਮਾਗਮ ਵਿੱਚ ਪਹੁੰਚੀਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ।

**ਸ੍ਰਿਸ਼ਟੀ ਦੀ ਚਾਦਰ ਬਣ ਕਿ ਸਹਾਦਤ ਦੇਣ ਤੋਂ ਬਾਅਦ ਗੁਰੂ ਸਾਹਿਬ ਜੀ ਦਾ ਦੋ ਜਗ੍ਹਾ ਤੇ ਸਸਕਾਰ ਹੋਣਾ ਦੁਨੀਆ ਭਰ ਦੇ ਇਤਿਹਾਸ ਵਿੱਚ ਇਕ ਹੀ ਮਿਸਾਲ ਹੈ-ਬਾਬਾ ਸੁੱਖਾ ਸਿੰਘ**

## ਪਿੰਡ ਲੰਗੇਆਣਾ ਕਲਾਂ ਪੁਰਾਣਾ ਮੋਗਾ ਵਿਖੇ ਸਲਾਨਾ ਸਮਾਗਮ ਅਤੇ

# ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਧਾਰਮਿਕ ਦੀਵਾਨ ਸ਼ੁਰੂ

ਫ਼ਿਰੋਜ਼ਪੁਰ, 27 ਨਵੰਬਰ (ਮਨੋਹਰ ਲਾਲ) :— ਪਿੰਡ ਲੰਗੇਆਣਾ ਕਲਾਂ ਪੁਰਾਣਾ ਮੋਗਾ ਵਿਖੇ ਸਲਾਨਾ ਗੁਰਮਤਿ ਸਮਾਗਮ ਜ਼ੋ ਕਿ 23 ਤੋਂ 30 ਨਵੰਬਰ ਤੱਕ ਚੱਲ ਰਹੇ ਹਨ, ਜ਼ੋ ਕਿ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਹਿੰਦ ਦੀ ਚਾਦਰ ਧੰਨ—ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ, ਭਾਈ ਮਤੀ ਦਾਸ, ਭਾਈ ਸਤੀ ਦਾਸ, ਭਾਈ ਦਿਆਲਾ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਅਤੇ ਸੱਚਖੰਡ ਵਾਸੀ ਸੰਤ ਬਾਬਾ ਪ੍ਰਤਾਪ ਸਿੰਘ ਜੀ ਦੀ ਅੱਠਵੀਂ ਬਰਸੀ, ਗੁਰਮੁੱਖ ਪਿਆਰੇ ਭਾਈ ਵੀਰ ਸਿੰਘ ਦੀ 21ਵੀਂ ਬਰਸੀ ਦੇ ਸਬੰਧ ਵਿਚ ਸਲਾਨਾ ਗੁਰਮਤਿ ਸਮਾਗਮ ਚੱਲ ਰਹੇ ਹਨ, ਜਿਸ ਵਿਚ ਰੋਜਾਨਾ 7—8 ਵਜੇ ਤੱਕ ਸਵੇਰੇ ਅਤੇ ਸ਼ਾਮ ਨੂੰ 6:30 ਵਜੇ ਤੋਂ 8:30 ਵਜੇ ਤੱਕ ਹਰ ਰੋਜ਼ ਚੱਲ ਰਹੇ ਦੀਵਾਨਾਂ ਦੀ ਹਾਜ਼ਰੀ ਗਿਆਨੀ ਬਲਵਿੰਦਰ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸੰਤ ਖਾਲਸਾ ਨਗਰ ਰੋਡੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।



ਇਸ ਮੌਕੇ ਤੇ ਬਾਬਾ ਸਾਧੂ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਅਸੀਂ ਹਰ ਸਾਲ ਸਲਾਨਾ ਗੁਰਮਤਿ ਸਮਾਗਮ ਸੰਗਤਾਂ ਦੇ ਸਹਿਯੋਗ ਅਤੇ ਐਨ.ਆਰ.ਆਈ ਵੀਰਾਂ ਦੇ ਸਹਿਯੋਗ ਨਾਲ ਕਰਵਾ ਰਹੇ ਹਨ ਅਤੇ 30 ਨਵੰਬਰ ਨੂੰ ਭਾਰੀ ਗਿਣਤੀ ਵਿਚ ਸੰਤ ਮਹਾਂਪੁਰਸ਼ ਪਹੁੰਚ ਰਹੇ ਹਨ ਅਤੇ 30 ਨਵੰਬਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ।ਭੋਗ ਉਪਰੰਤ ਦੀਵਾਨ ਸਜਾਏ ਜਾਣਗੇ, ਜਿਸ ਵਿਚ ਭਾਰੀ ਗਿਣਤੀ ਵਿਚ ਰਾਗੀ, ਕਥਾਵਾਚਕ ਜਥੇ ਪਹੁੰਚ ਰਹੇ ਹਨ।ਬਾਬਾ ਜੀ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਅੰਮ੍ਰਿਤ ਸੰਚਾਰ ਕਰਵਾਏ ਜਾ ਰਹੇ ਹਨ।ਬਾਬਾ ਜੀ ਨੇ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਪਹੁੰਚ ਕੇ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਕਲਗੀਧਰ ਦਸਮੇਸ਼ ਪਿਤਾ ਜੀ ਦੇ ਪੁੱਤਰ ਧੀਆਂ ਬਣੋ।ਇਸ ਮੌਕੇ ਤੇ 23 ਨਵੰਬਰ ਤੋਂ 30 ਨਵੰਬਰ ਤੱਕ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

## ਗੁਰਦੁਆਰਾ ਬਾਬੇ ਕੇ ਹੋਕਲੀ ਬਰਮਿੰਘਮ ਬੀ 19 ਵਨ ਏ.ਏ ਸੋਹੋ ਹਿੱਲ ਇੰਗਲੈਂਡ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਨੂੰ ਸਮਰਪਿਤ ਤੇ ਸੰਤ ਬਾਬਾ ਨਾਹਰ ਸਿੰਘ ਜੀ ਸਨੇਰਾਂ ਵਾਲਿਆਂ ਦੀ 18ਵੀਂ ਬਰਸੀ ਜ਼ੋ ਕਿ 24 ਨਵੰਬਰ ਤੋਂ 30 ਨਵੰਬਰ ਤੱਕ ਮਨਾਈ ਜਾ ਰਹੀ

# ਅੱਜ ਦੂਸਰੇ ਦਿਨ ਦੀ ਹਾਜ਼ਰੀ ਭਾਈ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ ਨੇ ਕੀਤਾ ਕੀਰਤਨ




ਫ਼ਿਰੋਜ਼ਪੁਰ, 27 ਨਵੰਬਰ (ਮਨੋਹਰ ਲਾਲ) :— ਗੁਰਦੁਆਰਾ ਬਾਬੇ ਕੇ ਹੋਕਲੀ ਬਰਮਿੰਘਮ ਬੀ 19 ਵਨ ਏ.ਏ ਸੋਹੋ ਹਿੱਲ ਇੰਗਲੈਂਡ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਨੂੰ ਸਮਰਪਿਤ ਤੇ ਸੰਤ ਬਾਬਾ ਨਾਹਰ ਸਿੰਘ ਜੀ ਸਨੇਰਾਂ ਵਾਲਿਆਂ ਦੀ 18ਵੀਂ ਬਰਸੀ ਜ਼ੋ ਕਿ 24 ਨਵੰਬਰ ਤੋਂ 30 ਨਵੰਬਰ ਤੱਕ ਮਨਾਈ ਜਾ ਰਹੀ ਹੈ, ਅੱਜ ਦੂਸਰੇ ਦਿਨ ਦੀ ਹਾਜ਼ਰੀ ਭਾਈ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਬਾਬੇ ਕੇ ਹੋਕਲੀ ਬਰਮਿੰਘਮ ਬੀ 19ਵਨ ਏ.ਏ ਇੰਗਲੈਂਡ ਦੇ ਪ੍ਰਬੰਧਕ ਜ਼ਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ, ਨਗਿੰਦਰ ਸਿੰਘ ਧੰਜਲ ਨੇ ਸਮੂਹ ਮੈਂਬਰਾਂ ਦੀਆਂ ਡਿਊਟੀਆਂ ਲਾ ਦਿੱਤੀਆਂ ਹਨ, ਜਿਨ੍ਹਾਂ ਵਿਚ ਸਵਰਨ ਸਿੰਘ ਸੈਂਭੀ, ਜ਼ਸਵੰਤ ਸਿੰਘ ਸੈਂਭੀ, ਗੁਰਮੀਤ ਸਿੰਘ ਜੰਡੂ, ਧਰਮ ਸਿੰਘ ਘਟੋੜਾ, ਬਲਕਾਰ ਸਿੰਘ ਵੜੈਚ, ਗੁਰਪ੍ਰੀਤ ਸਿੰਘ ਗੋਪੀ, ਸੁਖਮਿੰਦਰ ਸਿੰਘ ਸੁਖੀ ਰਾਗੀ, ਪਾਠੀ ਜੁਝਾਰ ਸਿੰਘ, ਹਰਪ੍ਰੀਤ ਸਿੰਘ ਜੰਡੂ, ਰਛਪਾਲ ਸਿੰਘ, ਹਰਪਾਲ ਸਿੰਘ ਲਾਲੀ, ਅਮਜੋਤ ਸਿੰਘ ਸਗੂ, ਅਮਰੀਕ ਸਿੰਘ ਮੀਕਾ, ਰਘਬੀਰ ਸਿੰਘ, ਪ੍ਰਿਤਪਾਲ ਸਿੰਘ, ਅਰਜਨ ਸਿੰਘ ਯੂ.ਵੀ ਜ਼ੋ ਕਿ ਇਨ੍ਹਾਂ ਸਮਾਗਮਾਂ ਵਿਚ ਰਾਤ—ਦਿਨ ਸੇਵਾ ਕਰ ਰਹੇ ਹਨ, ਇਸ ਤੋਂ ਇਲਾਵਾ ਲੰਗਰਾਂ ਵਿਚ ਬਹੁਤ ਵਧੀਆ ਪੀਜੇ, ਬਰਗਰ, ਲੰਗਰ ਅਤੇ ਹੋਰ ਕਈ ਤਰ੍ਹਾਂ ਦੇ ਪਕਵਾਨ ਵਿਚ ਬੀਬੀਆਂ ਸੇਵਾ ਕਰ ਰਹੀਆਂ ਹਨ, ਜਿਨ੍ਹਾਂ ਵਿਚ ਬੀਬੀ ਨਿੰਦਰ ਕੌਰ, ਬੀਬੀ ਜ਼ਸਬੀਰ ਕੌਰ, ਬੀਬੀ ਨਗਿੰਦਰ ਕੌਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਬੀਬੀਆਂ ਸੇਵਾ ਕਰ ਰਹੀਆਂ ਹਨ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਟੀ.ਬੀ ਮਰੀਜਾਂ ਨੂੰ ਭਾਰਤ ਵਿਕਾਸ ਪ੍ਰੀਸ਼ਦ ਨੇ ਵੰਡੀਆਂ ਕਿੱਟਾਂ



ਫ਼ਿਰੋਜ਼ਪੁਰ, 27 ਨਵੰਬਰ (ਮਨੋਹਰ ਲਾਲ) :— ਭਾਰਤ ਵਿਕਾਸ ਪ੍ਰੀਸ਼ਦ ਫ਼ਿਰੋਜ਼ਪੁਰ ਸ਼ਹਿਰ ਵੱਲੋਂ ਟੀ.ਬੀ ਕਲੀਨਿਕ, ਸਿਵਲ ਹਸਪਤਾਲ ਫ਼ਿਰੋਜ਼ਪੁਰ ਵਿਖੇ ਟੀ.ਬੀ ਦੇ 12 ਮਰੀਜਾਂ ਨੂੰ ਵੰਡੀਆਂ ਪੌਸ਼ਿਟਕ ਕਿੱਟਾਂ। ਇਸ ਸਬੰਧੀ ਜਾਣਕਾਰੀ ਦਿੰਦਿਆਂ ਆਗੂਆਂ ਨੇ ਦੱਸਿਆ ਕਿ ਸਿਵਲ ਸਰਜਨ ਫ਼ਿਰੋਜ਼ਪੁਰ ਡਾ: ਰਾਜਵਿੰਦਰ ਕੌਰ ਦੀ ਅਗਵਾਈ ਹੇਠ ਮਿਸ਼ਨ ਨਿਕਸ਼ੇ ਮਿੱਤਰਾ ਅਧੀਨ ਸਿਵਲ ਹਸਪਤਾਲ ਫ਼ਿਰੋਜ਼ਪੁਰ ਵਿਖੇ ਡਾ: ਜਤਿੰਦਰ ਕੋਛੜ ਦੀ ਨਿਗਰਾਨੀ ਹੇਠ ਭਾਰਤ ਵਿਕਾਸ ਪ੍ਰੀਸ਼ਦ ਦੀ ਟੀਮ ਵੱਲੋਂ ਇਹ ਕਿੱਟਾਂ ਵੰਡੀਆਂ ਗਈਆਂ। ਉਨ੍ਹਾਂ ਦੱਸਿਆ ਕਿ ਇਸ ਮੌਕੇ ਸੰਸਥਾ ਦੇ ਸਾਬਕਾ ਪ੍ਰਧਾਨ ਸੁਭਾਸ਼ ਚੌਧਰੀ, ਮਹਿਲਾ ਵਿੰਗ ਦੇ ਪ੍ਰਧਾਨ ਸ੍ਰੀਮਤੀ ਜਨਕ ਚੌਧਰੀ, ਛਵਿੰਦਰ ਮਸ਼ਰਾਲ ਜਨਰਲ ਸਕੱਤਰ ਅਤੇ ਗੁਰਦੀਪ ਸਿੰਘ ਚੀਫ ਫਾਰਮੈਸੀ ਅਫਸਰ ਨੇ ਦੱਸਿਆ ਕਿ ਸਿਵਲ ਹਸਪਤਾਲ ਫ਼ਿਰੋਜ਼ਪੁਰ ਦੇ ਟੀ.ਬੀ ਵਿਭਾਗ ਵੱਲੋਂ ਟੀ.ਬੀ ਮਰੀਜਾਂ ਨੂੰ ਵਧੀਆ ਸਿਹਤ ਸਹੂਲਤਾਂ ਅਤੇ ਸਮੇਂ—ਸਮੇਂ ਸਿਰ ਦਵਾਈਆਂ ਤੇ ਲੋੜੀਂਦੇ ਟੈਸਟਾਂ ਬਾਰੇ ਜਾਗਰੂਕ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਟੀ.ਬੀ ਦੀ ਬਿਮਾਰੀ ਤੋਂ ਬਚਣ ਲਈ ਜਿਥੇ ਦਵਾਈਆਂ ਦੀ ਲੋੜ ਹੁੰਦੀ ਹੈ, ਉਥੇ ਪੌਸ਼ਿਟਕ ਖੁਰਾਕ ਅਤੇ ਸਾਫ—ਸਫਾਈ ਵੀ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਨਿਕਸ਼ੇ ਮਿੱਤਰਾ ਸਕੀਮ ਤਹਿਤ ਅੱਜ ਚੌਥੀ ਵਾਰ ਟੀ.ਬੀ ਦੇ 12 ਮਰੀਜਾਂ ਨੂੰ ਪੌਸ਼ਿਟਕ ਖੁਰਾਕਾਂ ਦੀਆਂ ਕਿੱਟਾਂ ਵੰਡੀਆਂ ਗਈਆਂ ਹਨ। ਇਸ ਮੌਕੇ ਸੰਸਥਾ ਦੇ ਮੈਂਬਰ ਡੀ.ਆਰ ਗੋਇਲ, ਵੇਦ ਮਲਹੋਤਰਾ, ਸੁਰੇਸ਼ ਸ਼ਰਮਾ, ਕੁਲਭੂਸ਼ਨ ਗੌਤਮ, ਬੀ.ਆਰ ਗੋਇਲ, ਤਰਸੇਮ ਗਰੋਵਰ, ਸ੍ਰੀਮਤੀ ਅਰੁਣਾ ਭੋਲਾ, ਸ੍ਰੀਮਤੀ ਸੁਖਮਿੰਦਰ ਬੇਰੀ, ਸ੍ਰੀਮਤੀ ਜੀਵਨ ਕਾਨਤਾ ਗਰੌਵਰ, ਮੈਡਮ ਉਰਮਲ ਚਾਵਲਾ, ਸ੍ਰੀਮਤੀ ਨਰੇਸ਼ ਗਰੌਵਰ ਅਤੇ ਸ੍ਰੀਮਤੀ ਸ਼ਕਤੀ ਚੋਪੜਾ ਹਾਜ਼ਰ ਸਨ। ਉਨ੍ਹਾਂ ਦੱਸਿਆ ਕਿ ਇਸ ਪ੍ਰੋਗਰਾਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਟੀ.ਬੀ ਵਿਭਾਗ ਹਸਪਤਾਲ ਫ਼ਿਰੋਜ਼ਪੁਰ ਵੱਲੋਂ ਸ੍ਰੀ ਰਾਜ ਕੁਮਾਰ ਫਾਰਮੈਸੀ ਅਫਸਰ, ਰਾਜਦੀਪ ਸਿੰਘ ਟੀ.ਬੀ.ਐਚ.ਵੀ, ਹਰਮਿੰਦਰਪਾਲ ਸਿੰਘ, ਸ੍ਰੀਮਤੀ ਵੀਰਪਾਲ ਕੌਰ ਸਟਾਫ ਨਰਸ, ਸ੍ਰੀਮਤੀ ਬੰਦਨਾ ਸਟਾਫ ਨਰਸ, ਭੁਪਿੰਦਰ ਸੌਨੀ ਅਤੇ ਵਿਕਾਸ ਕਾਰਡ ਸਰਵੰਟ ਨੇ ਵਿਸ਼ੇਸ਼ ਯੋਗਦਾਨ ਦਿੱਤਾ।

# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਏ ਸਮਾਗਮ

ਫ਼ਿਰੋਜ਼ਪੁਰ, 27 ਨਵੰਬਰ (ਮਨੋਹਰ ਲਾਲ) :— ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੁਸਾਇਟੀ ਵੱਲੋਂ ਫ਼ਿਰੋਜ਼ਪੁਰ ਵਿਖੇ ਕਰਵਾਏ ਧਾਰਮਿਕ ਸਮਾਗਮ। ਇਨ੍ਹਾਂ ਸਮਾਗਮਾਂ ਦੌਰਾਨ ਜਥੇਬੰਦੀ ਦੇ ਪ੍ਰਬੰਧਕਾਂ ਨੇ ਸੰਗਤਾਂ ਦੇ ਸਨਮੁੱਖ ਹੁੰਦਿਆਂ ਗੁਰਬਾਣੀ ਨਾਲ ਜੁੜਣ ਦਾ ਹੋਕਾ ਦਿੱਤਾ। ਗੁਰਬਾਣੀ ਵਿਚ ਦਰਜ ਤਿਲਕ ਜੰਞੂ ਰਾਖਾ ਪ੍ਰਭ ਤਾ ਕਾ ਕੀਨੋ ਬਡੋ ਕਲੂ ਮਹਿ ਸਾਕਾ ਤੇਗ ਬਹਾਦਰ ਸਿਮਰਿਐ ਘਰ ਨਉ ਨਿਧਿ ਆਵੈ ਧਾਇ ਸਭ ਥਾਈ ਹੋਇ ਸਹਾਇ ਐਸੇ ਦੀਨ ਦਿਆਲ ਸਤਿਗੁਰੂ ਨੌਵੇਂ ਪਾਤਸ਼ਾਹ ਤਿਲਕ ਜੰਞੂ ਦੇ ਰਾਖੇ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦਿੱਲੀ ਦੇ ਚਾਂਦਨੀ ਚੌਕ ਵਿੱਚ ਹਿੰਦੂ ਧਰਮ ਦੀ ਰੱਖਿਆ ਲਈ ਸ਼ਹੀਦ ਹੋਏ ਉਹਨਾਂ ਸਤਿਗੁਰਾਂ ਦਾ ਸ਼ਹੀਦੀ ਦਿਹਾੜਾ ਸਮੁੱਚਾ ਖਾਲਸਾ ਪੰਥ ਸਮੁੱਚੀ ਲੁਕਾਈ 350 ਸਾਲਾ ਸ਼ਤਾਬਦੀ ਦੇ ਰੂਪ ਵਿਚ ਮਨਾ ਰਹੀਆਂ ਹਨ ਆਓ ਸਤਿਗੁਰਾਂ ਨੂੰ ਯਾਦ ਕਰਦੇ ਹੋਏ ਸਤਿਗੁਰਾਂ ਦੇ ਪਾਏ ਪੂਰਨਿਆਂ ਤੇ ਚੱਲਣ ਦਾ ਉਦਮ ਕਰੀਏ ਸ: ਜੱਸਾ ਸਿੰਘ ਰਾਮਗੜੀਆ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਦੇ ਭਗਵਾਨ ਸਿੰਘ ਦੜਿਆਲਾ ਚੇਅਰਮੈਨ ਪੰਜਾਬ ਅਤੇ ਉਹਨਾਂ ਦੀ ਸਮੁੱਚੀ ਟੀਮ ਉਨ੍ਹਾਂ ਦੀ ਸ਼ਹਾਦਤ ਨੂੰ ਕੋਟਨ ਕੋਟ ਪ੍ਰਣਾਮ ਕਰਦੇ ਹਾਂ। ਉਨ੍ਹਾਂ ਕਿਹਾ ਕਿ ਅਸਂ ਹਿੰਦੂ ਵੀਰਾਂ ਨੂੰ ਅਪੀਲ ਕਰਦੇ ਹਾਂ ਕਿ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸ਼ਹੀਦੀ ਦਿਹਾੜਾ ਹਰ ਸਾਲ ਮਣਾਇਆ ਕਰਨ।

350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਭਾਈ ਦੇਵਾ ਰਾਮ ਦੇ ਘਰ ਗੁਰਦੁਆਰਾ ਸੀਸਗੰਜ ਸਾਹਿਬ ਤਰਾਵੜੀ ਕਰਨਾਲ ਵਿਖੇ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ



















**ਕਰਨਾਲ, 27 ਨਵੰਬਰ (ਆਵਾਜ਼ਿ ਕੌਮ ਬਿਊਰੋ)**-350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਭਾਈ ਦੇਵਾ ਰਾਮ ਦੇ ਘਰ ਗੁਰਦੁਆਰਾ ਸੀਸਗੰਜ ਸਾਹਿਬ ਤਰਾਵੜੀ ਕਰਨਾਲ ਵਿਖੇ ਸਿੱਖ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਕਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਪ੍ਰਸਿੱਧ ਕਥਾਵਾਚਕ ਬਾਬਾ ਬੰਤਾ ਸਿੰਘ ਜੀ ਮੁੰਡਾ ਪਿੰਡ,ਭਾਈ ਸ਼ੌਕੀਨ ਸਿੰਘ ਹਜੂਰੀ ਰਾਗੀ ਜੱਥਾ ਸੱਚਖੰਡ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ,ਪ੍ਰਸਿੱਧ ਢਾਡੀ ਗਿ: ਹਰਦੀਪ ਸਿੰਘ ਮਾਨੋਚਾਹਲ.ਇਸ ਸਮੇਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸਰਦਾਰ ਗੁਰਮੀਤ ਸਿੰਘ ਰਾਮਸਰ ਕਾਲਕਾ,ਜਥੇਦਾਰ ਸਵਰਨ ਸਿੰਘ ਬੁੰਗਾ ਟਿੱਬੀ ਮੈਂਬਰ ਹਲਕਾ ਪੰਚਕੂਲਾ,ਸਰਦਾਰ ਰਜਿੰਦਰ ਸਿੰਘ ਡੁਲਿਆਣਾ ਮੈਂਬਰ ਹਲਕਾ ਬਰਾੜਾ, ਕੈਪਟਨ ਦਿਲਬਾਗ ਸਿੰਘ ਸੈਣੀ ਮੈਂਬਰ੍ਹ ਸਜ਼ਾਦਪੁਰ,ਸਰਦਾਰ ਦਲਬੀਰ ਸਿੰਘ ਕਥੂਰੀਆ ਚੇਅਰਮੈਨ ਵਿਸ਼ਵ ਪੰਜਾਬੀ ਸਭਾ ਕਨੇਡਾ,ਸਰਦਾਰ ਸਤਬੀਰ ਸਿੰਘ ਮਾਝਾ ਜੋਨ,ਜਸਵਿੰਦਰ ਸਿੰਘ ਬਿੱਟਾ ਵੀ ਹਾਜ਼ਰ ਸਨ ਪ੍ਰੋਗਰਾਮ ਦੀ ਦੇਖਰੇਖ ਹਲਕਾ ਨੀਲੋ ਖੇੜੀ ਤੋਂ ਮੈਂਬਰ ਸਤਿਕਾਰਯੋਗ ਮਾਤਾ ਕਪੂਰ ਕੌਰ ਜੀ ਮੈਂਬਰ ਪ੍ਰਤੀਨਿਧ ਸਰਪੰਚ ਭੁਪਿੰਦਰ ਸਿੰਘ ਲਾਡੀ ਸੌਂਕੜਾ,ਬਾਬਾ ਜੋਗਾ ਸਿੰਘ ਕਾਰ ਸੇਵਾ ਤਰਾਵੜੀ ਵੱਲੋਂ ਕੀਤੀ ਗਈ ਜਿਨਾਂ ਨੇ ਆਏ ਜੱਥਿਆਂ ਅਤੇ ਸ਼ਖਸ਼ੀਅਤਾਂ ਨੂੰ ਸਿਰਪਾਓ ਭੇਂਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਦਰਸ਼ਨੀ ਡਿਓੜੀ ਦੀ ਚੱਲ ਰਹੀ ਕਾਰ ਸੇਵਾ ਵਿੱਚ 50 ਹਜਾਰ ਰੁਪਏ ਦੀ ਸੇਵਾ ਸਰਦਾਰ ਸਤਬੀਰ ਸਿੰਘ ਮਾਝਾ ਜੋਨ ਵੱਲੋਂ ਕੀਤੀ ਗਈ ਹਜ਼ਾਰਾਂ ਸਿੱਖ ਸੰਗਤਾਂ ਨੇ ਹਾਜ਼ਰੀ ਭਰੀ

ਆਵਾਜ਼ਿ ਕੌਮ AWAZE QAUM International Newspaper & WEB TV